**SWITCH INSURANCE**
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

**JOSHI LAW OFFICE**
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 106 | Wednesday, May 31, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਸਾਡੀਆਂ ਨੀਤੀਆਂ ਖਿਲਾਫ ਝੂਠੀਆਂ ਅਫਵਾਹਾਂ ਫੈਲਾਉਣ ਲਈ ਚੀਨ ਨੇ ਨਿਭਾਈ ਸੀ ਅਹਿਮ ਭੂਮਿਕਾ : ਓਟੂਲ



ਓਟਵਾ, 30 ਮਈ (ਪੋਸਟ ਬਿਊਰੋ) : ਕੰਜ਼ਰਵੇਟਿਵ ਐਮਪੀ ਐਰਿਨ ਓਟੂਲ ਨੇ ਆਖਿਆ ਕਿ ਕੈਨੇਡਾ ਦੀ ਖੁਫੀਆ ਏਜੰਸੀ ਵੱਲੋਂ ਉਨ੍ਹਾਂ ਨੂੰ ਇਹ ਜਾਣਕਾਰੀ ਦਿੱਤੀ ਗਈ ਹੈ ਕਿ ਉਨ੍ਹਾਂ ਦੇ ਪਾਰਟੀ ਲੀਡਰ ਰਹਿੰਦਿਆਂ ਉਨ੍ਹਾਂ ਦੀਆਂ ਨੀਤੀਆਂ ਖਿਲਾਫ ਝੂਠੀਆਂ ਅਫਵਾਹਾਂ ਫੈਲਾਉਣ ਤੇ ਉਨ੍ਹਾਂ ਦੇ ਅਕਸ ਨੂੰ ਢਾਹ ਲਾਉਣ ਲਈ ਚੀਨ ਵੱਲੋਂ ਨਿਸ਼ਾਨਾ ਬਣਾਇਆ ਗਿਆ।

ਮੰਗਲਵਾਰ ਨੂੰ ਪ੍ਰਿਵਲੇਜ ਬਾਰੇ ਹਾਊਸ ਆਫ ਕਾਮਨਜ਼ ਵਿੱਚ ਉੱਠੇ ਸਵਾਲ ਦੌਰਾਨ ਓਟੂਲ ਨੇ ਆਖਿਆ ਕਿ ਕੈਨੇਡੀਅਨ ਸਕਿਊਰਿਟੀ ਇੰਟੈਲੀਜੈਂਸ ਸਰਵਿਸ ਵੱਲੋਂ ਹੀ ਇਹ ਖੁਲਾਸਾ ਕੀਤਾ ਗਿਆ ਹੈ ਕਿ ਉਨ੍ਹਾਂ ਖਿਲਾਫ ਕਾਫੀ ਕੁੱਝ ਆਖਿਆ ਗਿਆ ਤੇ ਕਈ ਅਫਵਾਹਾਂ ਫੈਲਾਈਆਂ ਗਈਆਂ। ਇਹ ਵੀ ਪਤਾ ਲੱਗਿਆ ਕਿ ਚਾਈਨੀਜ਼ ਕਮਿਊਨਿਸਟ ਪਾਰਟੀ ਵੱਲੋਂ ਇਹ ਗਲਤਫਹਿਮੀਆਂ ਤੇ ਅਫਵਾਹਾਂ ਫੈਲਾਉਣ ਲਈ ਬਾਕਾਇਦਾ ਫੰਡ ਦਿੱਤੇ ਗਏ, ਗਰੁੱਪਜ਼ ਦੀ ਵਰਤੋਂ ਕੀਤੀ ਗਈ ਤੇ ਵੁਈਚੈਟ ਸੋਸ਼ਲ ਮੀਡੀਆ ਪਲੇਟਫਾਰਮ ਵਰਤੇ ਗਏ। ਇਹ ਸੱਭ ਹੋਇਆ ਵੀ 2021 ਦੀਆਂ ਜਨਰਲ ਚੋਣਾਂ ਵਿੱਚ ਸੀ।

ਸਾਬਕਾ ਕੰਜ਼ਰਵੇਟਿਵ ਆਗੂ ਨੇ ਆਖਿਆ ਕਿ ਉਨ੍ਹਾਂ ਖਿਲਾਫ ਤੇ ਉਨ੍ਹਾਂ ਦੇ ਕਾਕਸ ਖਿਲਾਫ ਇਨ੍ਹਾਂ ਧਮਕੀਆਂ ਤੇ ਚੁਣੌਤੀਆਂ ਬਾਰੇ ਸਰਕਾਰ ਵੱਲੋਂ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਤੇ ਨਾ ਹੀ ਸਕਿਊਰਿਟੀ ਏਜੰਸੀਜ਼ ਵੱਲੋਂ ਹੀ ਇਨ੍ਹਾਂ ਬਾਰੇ ਉਸ ਸਮੇਂ ਕੁੱਝ ਦੱਸਿਆ ਗਿਆ। ਉਨ੍ਹਾਂ ਆਖਿਆ ਕਿ 2021 ਵਿੱਚ ਅਖੰਡਤਾ ਦੀ ਰਾਖੀ ਲਈ ਬਣਾਈ ਗਈ ਫੈਡਰਲ ਟਾਸਕ ਫੋਰਸ ਰਾਹੀਂ ਵੀ ਇਸ ਸਬੰਧੀ ਕੋਈ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਉਨ੍ਹਾਂ ਆਖਿਆ ਕਿ ਲਿਬਰਲ ਸਰਕਾਰ ਵੱਲੋਂ ਉਸ ਸਮੇਂ ਇਸ ਪਾਸੇ ਕੋਈ ਕਾਰਵਾਈ ਨਾ ਕੀਤੇ ਜਾਣ ਕਾਰਨ ਐਮਪੀ ਤੇ ਵਿਰੋਧੀ ਧਿਰ ਦੇ ਆਗੂ ਵਜੋਂ ਉਨ੍ਹਾਂ ਦੀ ਪ੍ਰਿਵਲੇਜ ਦੀ ਸਰਾਸਰ ਉਲੰਘਣਾਂ ਹੋਈ।

## ਮਿਸੀਸਾਗਾ, ਬਰੈਂਪਟਨ ਤੇ ਕੈਲਡਨ ਨੂੰ ਵੱਖ ਕਰਨ ਸਬੰਧੀ ਬਿੱਲ ਨੂੰ ਤੇਜ਼ੀ ਨਾਲ ਪਾਸ ਕਰਵਾਉਣ ਦੀ ਤਿਆਰੀ ਕਰ ਰਹੀ ਹੈ ਫੋਰਡ ਸਰਕਾਰ



ਓਨਟਾਰੀਓ, 30 ਮਈ (ਪੋਸਟ ਬਿਊਰੋ) : ਡੱਗ ਫੋਰਡ ਸਰਕਾਰ ਵੱਲੋਂ ਪੀਲ ਰੀਜਨ ਨੂੰ ਭੰਗ ਕਰਕੇ ਤਿੰਨ ਆਜ਼ਾਦ ਸਿਟੀਜ਼ ਬਣਾਏ ਜਾਣ ਸਬੰਧੀ ਬਿੱਲ ਨੂੰ ਤੇਜ਼ੀ ਨਾਲ ਪਾਸ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।

ਇਸ ਸਬੰਧੀ ਮਤਾ ਮੰਗਲਵਾਰ ਨੂੰ ਲਿਆਂਦੇ ਜਾਣ ਦੀ ਸੰਭਾਵਨਾ ਹੈ। ਇਸ ਨਾਲ ਪ੍ਰੋਗਰੈਸਿਵ ਕੰਜ਼ਰਵੇਟਿਵਜ਼ ਨੂੰ ਕਮੇਟੀ ਕੋਲ ਬਿੱਲ ਨੂੰ ਭੇਜਣ ਦੀ ਥਾਂ ਸਿੱਧਾ ਤੀਜੀ ਰੀਡਿੰਗ ਲਈ ਭੇਜਣ ਦੀ ਖੁੱਲ੍ਹ ਮਿਲੇਗੀ। ਆਮ ਤੌਰ ਉੱਤੇ ਕਮੇਟੀ ਦੀ ਭੂਮਿਕਾ ਬਿੱਲ ਦਾ ਲਾਈਨ ਦਰ ਲਾਈਨ ਮੁਲਾਂਕਣ ਕਰਨ ਦੀ ਹੁੰਦੀ ਹੈ ਤੇ ਫਿਰ ਕਮੇਟੀ ਜਾਂ ਤਾਂ ਬਿੱਲ ਨੂੰ ਮਨਜ਼ੂਰ ਕਰ ਦਿੰਦੀ ਹੈ ਜਾਂ ਉਸ ਦੀ ਭਾਸ਼ਾ ਵਿੱਚ ਸੁਧਾਰ ਕਰਦੀ ਹੈ। ਇਸ ਨਾਲ ਸਟੇਕਹੋਲਡਰਜ਼ ਤੇ ਕਮਿਊਨਿਟੀ ਮੈਂਬਰਾਂ ਨੂੰ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਵੀ ਮਿਲਦਾ ਹੈ। ਜ਼ਿਕਰਯੋਗ ਹੈ ਕਿ ਦੋ ਹਫਤੇ ਪਹਿਲਾਂ ਹੀ ਮਿਊਂਸਪਲ ਅਫੇਅਰਜ਼ ਐਂਡ ਹਾਊਸਿੰਗ ਮੰਤਰੀ ਸਟੀਵ ਕਲਾਰਕ ਨੇ ਮਿਸੀਸਾਗਾ, ਬਰੈਂਪਟਨ ਤੇ ਕੈਲਡਨ ਨੂੰ 2025 ਤੱਕ ਆਜ਼ਾਦ ਸਿਟੀਜ਼ ਬਣਾਉਣ ਲਈ ਹੇਜ਼ਲ ਮੈਕੈਲੀਅਨ ਐਕਟ ਪੇਸ਼ ਕੀਤਾ। ਇਸ ਬਿੱਲ ਦੇ ਹਿੱਸੇ ਵਜੋਂ ਸਰਕਾਰ ਪੰਜ ਮੈਂਬਰਾਂ ਤੱਕ ਦਾ ਇੱਕ ਟਰਾਂਜ਼ਿਸ਼ਨ ਬੋਰਡ ਕਾਇਮ ਕਰੇਗੀ ਜਿਹੜਾ ਇਸ ਪ੍ਰਕਿਰਿਆ ਨੂੰ ਜਾਇਜ਼ ਤੇ ਸੰਤੁਲਿਤ ਬਣਾਵੇਗਾ। ਇਸ ਬੋਰਡ ਦੀਆਂ ਸਿਫਾਰਸ਼ਾਂ 2024 ਦੀਆਂ ਗਰਮੀਆਂ ਜਾਂ 2024 ਦੇ ਅੰਤ ਤੱਕ ਆਉਣ ਦੀ ਸੰਭਾਵਨਾ ਹੈ।

ਓਨਟਾਰੀਓ ਦੀ ਨਿਊ ਡੈਮੋਕ੍ਰੈਟਿਕ ਪਾਰਟੀ ਦਾ ਕਹਿਣਾ ਹੈ ਕਿ ਬਿਨਾ ਸਲਾਹ ਮਸ਼ਵਰੇ ਦੇ ਬਿੱਲ ਨੂੰ ਇਸ ਤਰ੍ਹਾਂ ਅਗਲੇ ਪੜਾਅ ਤੱਕ ਲਿਜਾਣਾ ਕਈ ਤਰ੍ਹਾਂ ਦੀਆਂ ਚਿੰਤਾਵਾਂ ਖੜ੍ਹੀਆਂ ਕਰਦਾ ਹੈ। ਇੱਕ ਬਿਆਨ ਵਿੱਚ ਮਿਊਂਸਪਲ ਅਫੇਅਰਜ਼ ਬਾਰੇ ਐਨਡੀਪੀ ਕ੍ਰਿਟਿਕ ਜੈੱਫ ਬਰਚ ਨੇ ਆਖਿਆ ਕਿ ਇਸ ਦੌਰਾਨ ਪੀਲ ਰੀਜਨ ਦੇ ਵਾਸੀਆਂ ਨਾਲ ਸਲਾਹ ਮਸ਼ਵਰਾ ਨਹੀਂ ਕੀਤਾ ਗਿਆ। ਉਨ੍ਹਾਂ ਮਿਊਂਸਪਲ ਵਰਕਰਜ਼ ਦੀ ਗੱਲ ਨਹੀਂ ਸੁਣੀ ਗਈ ਜਿਨ੍ਹਾਂ ਦੀਆਂ ਨੌਕਰੀਆਂ ਦਾਅ ਉੱਤੇ ਲੱਗੀਆਂ ਹੋ ਸਕਦੀਆਂ ਹਨ। ਟਰਾਂਜ਼ਿਸ਼ਨ ਬੋਰਡ ਵਿੱਚ ਹਰ ਮਿਊਂਸਪੈਲਿਟੀ ਨੂੰ ਸਹੀ ਨੁਮਾਇੰਦਗੀ ਮਿਲੀ ਹੋਵੇ ਇਹ ਵੀ ਯਕੀਨੀ ਨਹੀਂ ਬਣਾਇਆ ਗਿਆ। ਫੈਸਲੇ ਕਿਸ ਤਰ੍ਹਾਂ ਲਏ ਗਏ ਜਾਂ ਜਾਣਗੇ ਇਸ ਬਾਰੇ ਵੀ ਪਾਰਦਰਸ਼ਤਾ ਤੋਂ ਕੰਮ ਨਹੀਂ ਲਿਆ ਜਾ ਰਿਹਾ ਤੇ ਨਾ ਹੀ ਕਿਸੇ ਦੀ ਜਵਾਬਦੇਹੀ ਤੈਅ ਕੀਤੀ ਗਈ ਹੈ।

## ਨਸ਼ਿਆਂ ਬਾਰੇ ਲਿਬਰਲਾਂ ਦੀ ਪਹੁੰਚ ਖਿਲਾਫ ਪੌਲੀਏਵਰ ਵੱਲੋਂ ਲਿਆਂਦਾ ਮਤਾ ਹੋਇਆ ਫੇਲ੍ਹ



ਓਟਵਾ, 30 ਮਈ (ਪੋਸਟ ਬਿਊਰੋ) : ਨਸ਼ਿਆਂ ਦੀ ਲਤ ਨਾਲ ਲੜਨ ਲਈ ਲਿਬਰਲ ਸਰਕਾਰ ਵੱਲੋਂ ਅਪਣਾਈ ਪਹੁੰਚ ਦੀ ਨਿਖੇਧੀ ਕਰਨ ਲਈ ਹਾਊਸ ਆਫ ਕਾਮਨਜ਼ ਵਿੱਚ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਵੱਲੋਂ ਲਿਆਂਦਾ ਮਤਾ ਪਾਸ ਨਹੀਂ ਹੋ ਸਕਿਆ।

ਪੌਲੀਏਵਰ ਵੱਲੋਂ ਲਿਆਂਦੇ ਇਸ ਮਤੇ ਦੇ ਪੱਖ ਵਿੱਚ 113 ਜਦਕਿ ਵਿਰੋਧ ਵਿੱਚ 209 ਵੋਟਾਂ ਪਈਆਂ। ਇਸ ਮਤੇ ਵਿੱਚ ਮੁੱਖ ਤੌਰ ਉੱਤੇ ਨਸ਼ਿਆਂ ਦੀ ਵਰਤੋਂ ਕਰਨ ਵਾਲਿਆਂ ਲਈ ਫੈਡਰਲ ਸਰਕਾਰ ਵੱਲੋਂ ਜਿਹੜੀਆਂ ਨੁਕਸਾਨ ਘਟਾਉਣ ਵਾਲੀਆਂ ਨੀਤੀਆਂ ਲਿਆਂਦੀ ਗਈਆਂ ਹਨ, ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਪਰ ਇਸ ਵਿੱਚ ਬਹੁਤਾ ਜ਼ੋਰ ਨਸ਼ਿਆਂ ਦੇ ਸੰਕਟ ਨਾਲ ਸਿੱਝਣ ਲਈ ਗੈਰਕਾਨੂੰਨੀ ਨਸ਼ਿਆਂ ਦੇ ਬਦਲ ਵਜੋਂ ਫਾਰਮਾਸਿਊਟੀਕਲ ਸਪਲਾਈ ਨੂੰ ਫੰਡ ਕਰਨ ਦੇ ਇਸ ਦੇ ਫੈਸਲੇ ਉੱਤੇ ਵੀ ਦਿੱਤਾ ਗਿਆ।

ਇਸ ਤਰ੍ਹਾਂ ਦੇ ਪ੍ਰੋਗਰਾਮਾਂ ਨੂੰ ਅਕਸਰ ਸੇਫ ਸਪਲਾਈ ਜਾਂ ਸੇਫਰ ਸਪਲਾਈ ਵਜੋਂ ਜਾਣਿਆ ਜਾਂਦਾ ਹੈ, ਹਾਲਾਂਕਿ ਫੈਡਰਲ ਕੰਜ਼ਰਵੇਟਿਵ ਤੇ ਹੋਰ ਆਲੋਚਕਾਂ ਦਰਮਿਆਨ ਇਸ ਗੱਲ ਨੂੰ ਲੈ ਕੇ ਵੀ ਆਮ ਰਾਇ ਨਹੀਂ ਹੈ ਕਿ ਇਨ੍ਹਾਂ ਵਿੱਚੋਂ ਕਿਹੜੀ ਟਰਮ ਵਧੇਰੇ ਢੁਕਵੀਂ ਹੈ। ਅਜਿਹਾ ਨਸ਼ਿਆਂ ਦੀ ਵਰਤੋਂ ਨਾਲ ਜੁੜੇ ਖਤਰਿਆਂ ਕਾਰਨ ਹੈ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

OURR HOME & APPLIANCES
HOT SUMMER Deal
$2,999*
$4,299*
$5,199*
SAMSUNG BUY MORE SAVE MORE
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
5781 Highway 7 Unit 10 Vaughan, ON L4L 1T8 (416) 477-5556
44 Fasken Dr, #2-9 Etobicoke, ON M9W 5M8 (416) 792-0877
Unit #1, 241 Clarence St Brampton, On L6W 3E7 (416) 551-3343
1050 Speers Road Oakville, On L6L 2X4 (416) 613-0555
416-551-5553 WWW.OURRHOMEAPPLIANCES.COM

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
RANJIT GILL Insurance Advisor 416-724-5000
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨਸ਼ਿਆਂ ਬਾਰੇ ਲਿਬਰਲਾਂ ਦੀ ਪਹੁੰਚ ਖਿਲਾਫ ਪੌਲੀਐਵਰ ਵੱਲੋਂ ਲਿਆਂਦਾ ਮਤਾ ਹੋਇਆ ਫੇਲ੍ਹ

ਪੰਨਾ 1 ਦਾ ਬਾਕੀ

ਫੈਡਰਲ ਸਰਕਾਰ ਵੱਲੋਂ ਉਨ੍ਹਾਂ ਮਾਹਿਰਾਂ ਉੱਤੇ ਵੀ ਉਂਗਲ ਕੀਤੀ ਗਈ ਹੈ ਜਿਹੜੇ ਇਹ ਆਖਦੇ ਹਨ ਕਿ ਜ਼ਹਿਰੀਲੀ ਡਰੱਗ ਸਪਲਾਈ ਹੀ ਇਸ ਦਾ ਮੁੱਖ ਕਾਰਨ ਹੈ ਜਿਹੜਾ ਗੈਰਰਵਾਇਤੀ ਢੰਗ ਨਾਲ ਨਸ਼ਿਆਂ ਦੀ ਵੱਧ ਡੋਜ਼ ਕਾਰਨ ਕਈ ਕੈਨੇਡੀਅਨ ਮਰ ਰਹੇ ਹਨ। ਇਨ੍ਹਾਂ ਮਾਹਿਰਾਂ ਵੱਲੋਂ ਇਹ ਵੀ ਆਖਿਆ ਜਾ ਰਿਹਾ ਹੈ ਕਿ ਇਸ ਦੇ ਨਾਲ ਹੀ ਹੋਰਨਾਂ ਦਵਾਈਆਂ ਤੱਕ ਪਹੁੰਚ ਯਕੀਨੀ ਬਣਾਉਣ ਨਾਲ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ।

ਪਬਲਿਕ ਹੈਲਥ ਏਜੰਸੀ ਆਫ ਕੈਨੇਡਾ ਦਾ ਕਹਿਣਾ ਹੈ ਕਿ 2016 ਤੇ 2022 ਦਰਮਿਆਨ ਇਨ੍ਹਾਂ ਜ਼ਹਿਰੀਲੇ ਨਸ਼ਿਆਂ ਕਾਰਨ ਲੱਗਭਗ 35000 ਲੋਕ ਮਾਰੇ ਗਏ। ਪਿਛਲੇ ਸਾਲ ਦੇ ਅੰਤ ਵਿੱਚ ਕੰਜ਼ਰਵੇਟਿਵ ਆਗੂ ਦਾ ਅਹੁਦਾ ਸਾਂਭਣ ਮਗਰੋਂ ਪੌਲੀਐਵਰ ਕਈ ਵਾਰੀ ਇਹ ਮੁੱਦਾ ਉਠਾ ਚੁੱਕੇ ਹਨ ਕਿ ਨਸ਼ਿਆਂ ਦੀ ਓਵਰਡੋਜ਼ ਕਾਰਨ ਮਰਨ ਵਾਲਿਆਂ ਦੀ ਗਿਣਤੀ ਇਸ ਦਾ ਸਬੂਤ ਹੈ ਕਿ ਇਹ ਪਹੁੰਚ ਕਿੰਨੀ ਗਲਤ ਹੈ। ਉਨ੍ਹਾਂ ਵੱਲੋਂ ਨਸ਼ਿਆਂ ਦੇ ਬਦਲ ਦੀ ਸਪਲਾਈ ਦੀ ਪੇਸ਼ਕਸ਼ ਨੂੰ ਗਲਤ ਦੱਸਕੇ ਇਸ ਦੀ ਨੁਕਤਾਚੀਨੀ ਕੀਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਆਪਣੇ ਮਤੇ ਵਿੱਚ ਵੀ ਇਸ ਨੂੰ ਟੈਕਸਾਂ ਨਾਲ ਫੰਡ ਪ੍ਰਾਪਤ ਡਰੱਗ ਸਪਲਾਈ ਦਾ ਦਰਜਾ ਦਿੱਤਾ ਗਿਆ।

# ਬਿਜਲੀ ਮੰਤਰੀ ਨੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਵਫ਼ਦ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 30 ਮਈ (ਪੋਸਟ ਬਿਊਰੋ): ਪੀ.ਐਸ.ਪੀ.ਸੀ.ਐਲ ਅਤੇ ਪੀ.ਐਸ.ਟੀ.ਸੀ.ਐਲ ਦੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਾਂਗੇ ਅਤੇ ਛੇਤੀ ਹੀ ਵੱਖ-ਵੱਖ ਮਸਲਿਆਂ ਦਾ ਹੱਲ ਤਲਾਸ਼ਿਆ ਜਾਵੇਗਾ।



ਅੱਜ ਇੱਥੇ ਪੀ.ਐਸ.ਪੀ.ਸੀ.ਐਲ ਅਤੇ ਪੀ.ਐਸ.ਟੀ.ਸੀ.ਐਲ ਦੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਵਫ਼ਦ ਨਾਲ ਮੀਟਿੰਗ ਕਰਨ ਮਗਰੋਂ ਪੰਜਾਬ ਦੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲਿਆਂ ਅਤੇ ਜਾਇਜ਼ ਮੰਗਾਂ ਦਾ ਨਿਯਮਾਂ ਅਨੁਸਾਰ ਹੱਲ ਕਰਨ ਲਈ ਵਚਨਬੱਧ ਹੈ।

ਬਿਜਲੀ ਮੰਤਰੀ ਨੇ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਛੇਤੀ ਹੀ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪੈਨਸ਼ਨਰਾਂ ਦੇ ਜਾਇਜ਼ ਮਸਲੇ ਹੱਲ ਕੀਤੇ ਜਾਣਗੇ।

ਇਸ ਮੀਟਿੰਗ ਵਿੱਚ ਬਿਜਲੀ ਵਿਭਾਗ ਦੇ ਪ੍ਰਮੁੱਖ ਸਕੱਤਰ ਤੇਜਵੀਰ ਸਿੰਘ, ਡਾਇਰੈਕਟਰ ਪ੍ਰਬੰਧ ਪੀ.ਐਸ.ਪੀ.ਸੀ.ਐਲ ਰਵਿੰਦਰ ਸਿੰਘ ਸੈਣੀ, ਮੈਨੇਜਰ ਆਈ.ਆਰ. ਰਣਬੀਰ ਸਿੰਘ ਤੋਂ ਇਲਾਵਾ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਅਵਿਨਾਸ਼ ਚੰਦਰ ਸ਼ਰਮਾ, ਜਨਰਲ ਸਕੱਤਰ ਧਨਵੰਤ ਸਿੰਘ ਭੱਠਲ, ਸੀਨੀਅਰ ਮੀਤ ਪ੍ਰਧਾਨ ਸ਼ਵਿੰਦਰਪਾਲ ਸਿੰਘ ਮੋਲੇਵਾਲੀ ਤੋਂ ਇਲਾਵਾ ਸਟੇਟ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਅੱਜ ਨਾਮਾ >>

ਲੱਗ ਗਿਆ ਸਿਰੇ ਕ੍ਰਿਕਟ ਦਾ ਜਦੋਂ ਮੇਲਾ,
ਪ੍ਰਸ਼ੰਸਕ ਲੱਗ ਪਏ ਹੋਣ ਹਨ ਬੋਰ ਮੀਆਂ।
ਟੀ ਵੀ ਚੈਨਲ ਵੀ ਗੱਲਾਂ ਤਾਂ ਕਰਨ ਬੇਸ਼ੱਕ,
ਚਰਚਿਆਂ ਵਿੱਚ ਨਾ ਪਹਿਲੜਾ ਜ਼ੋਰ ਮੀਆਂ।
ਲੰਘ ਗਏ ਮੈਚ ਨਾ ਖਾਸ ਧਿਆਨ ਖਿੱਚਣ,
ਜਨਤਾ ਚਾਹੁੰਦੀ ਕੁਝ ਨਵਾਂ-ਨਕੋਰ ਮੀਆਂ।
ਚੈਨਲ ਬਦਲ ਕੇ ਭਾਲਣ ਉਹ ਹੋਰ ਮੀਆਂ,
ਪਬਲਿਕ ਮੰਗੇ ਪਈ ਮੋਰ ਹੀ ਮੋਰ ਮੀਆਂ।
ਜਦੋਂ ਤੱਕ ਹੋਰ ਨਹੀਂ ਲੱਭਦਾ ਆਹਰ ਕੋਈ,
ਵਿਹਲਿਆਂ ਸਮਾਂ ਨਾ ਕੱਟਿਆ ਜਾਏ ਮੀਆਂ।
ਖੇਡਾਂ ਖਾ ਲਈਆਂ ਕ੍ਰਿਕਟ ਨੇ ਸਾਰੀਆਂ ਹੀ,
ਇਕੱਲੀ ਕ੍ਰਿਕਟ ਨੇ ਲੋਕ ਨਸ਼ਿਆਏ ਮੀਆਂ।

**ਤੀਸ ਮਾਰ ਖਾਂ**

# ਗੱਡੀ ਚਲਾਉਂਦਿਆਂ ਹੋਇਆਂ ਚਲਾਈਆਂ ਗੋਲੀਆਂ ਦੇ ਮਾਮਲੇ ਦੀ ਜਾਂਚ ਕਰ ਰਹੀ ਹੈ ਪੁਲਿਸ

ਹੈਮਿਲਟਨ, 30 ਮਈ (ਪੋਸਟ ਬਿਊਰੋ) : ਸੋਮਵਾਰ ਸ਼ਾਮ ਨੂੰ ਸੜਕ ਉੱਤੇ ਗੱਡੀਆਂ ਚਲਾਉਂਦਿਆਂ ਹੋਇਆਂ ਗੋਲੀਆਂ ਚਲਾਏ ਜਾਣ ਦੇ ਮਾਮਲੇ ਦੀ ਹੈਮਿਲਟਨ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਮੱਡ ਸਟਰੀਟ ਦੀ ਐਗਜ਼ਿਟ ਉੱਤੇ ਰੈੱਡਹਿੱਲ ਵੈਲੀ ਪਾਰਕਵੇਅ ਉੱਤੇ ਰਾਤੀਂ 10:00 ਵਜੇ ਤੋਂ ਪਹਿਲਾਂ ਗੋਲੀਆਂ ਚੱਲਣ ਦੀ ਖਬਰ ਮਿਲਣ ਤੋਂ ਬਾਅਦ ਪੁਲਿਸ ਮੌਕੇ ਉੱਤੇ ਪਹੁੰਚੀ। ਇਹ ਗੋਲੀਆਂ ਕਥਿਤ ਤੌਰ ਉੱਤੇ ਕਿਸੇ ਗੱਡੀ ਵਿੱਚੋਂ ਦੂਜੀ ਗੱਡੀ ਉੱਤੇ ਚਲਾਈਆਂ ਗਈਆਂ ਸਨ। ਇਸ ਲਈ ਪੁਲਿਸ ਨੇ ਆਖਿਆ ਕਿ ਇਹ ਗੋਲੀਆਂ ਸੋਚ ਸਮਝ ਕੇ ਤੇ ਕਿਸੇ ਨੂੰ ਨਿਸ਼ਾਨਾ ਬਣਾ ਕੇ ਚਲਾਈਆਂ ਗਈਆਂ।



ਜਾਂਚਕਾਰਾਂ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਸ ਘਟਨਾ ਦੇ ਚਸ਼ਮਦੀਦਾਂ ਨੂੰ ਵੀ ਸਾਹਮਣੇ ਆਉਣ ਲਈ ਆਖਿਆ ਜਾ ਰਿਹਾ ਹੈ।

# ਪੁਲਿਸ ਖ਼ਿਲਾਫ਼ ਧਰਨਾ ਦੇ ਵਕੀਲਾਂ ਤੇ ਨੌਜਵਾਨਾਂ ਵਿਚਾਲੇ ਝੜਪ

ਅੰਮ੍ਰਿਤਸਰ, 30 ਮਈ (ਪੋਸਟ ਬਿਊਰੋ): ਬੀਤੇ ਦਿਨ ਸਵੇਰ ਤੋਂ ਅੰਮ੍ਰਿਤਸਰ ਜ਼ਿਲ੍ਹਾ ਕਚਹਿਰੀ ਦੇ ਬਾਹਰ ਧਰਨੇ 'ਤੇ ਵਕੀਲਾਂ ਅਤੇ ਨੌਜਵਾਨਾਂ ਵਿਚਾਲੇ ਝੜੱਪ ਹੋ ਗਈ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਦੀਪ ਸਾਹਨੀ ਨੇ ਦੋਸ਼ ਲਗਾਇਆ ਕਿ ਹਮਲਾਵਰਾਂ ਦੀ ਗਿਣਤੀ 4 ਸੀ ਤੇ ਦੋ ਹਮਲਾਵਰ ਇਕ ਕਾਰ 'ਚ ਆਏ ਸਨ। ਵਕੀਲਾਂ ਨੇ ਕਾਰ ਤੇ ਬਾਈਕ ਨੂੰ ਕਬਜ਼ੇ 'ਚ ਲੈ ਲਿਆ ਹੈ।

ਇਸਦੇ ਨਾਲ ਹੀ ਵਕੀਲਾਂ ਨੇ ਤਿੰਨ ਨੌਜਵਾਨਾਂ ਨੂੰ ਕਾਬੂ ਕਰ ਕੇ ਪੁਲਿਸ ਹਵਾਲੇ ਕਰ ਦਿੱਤਾ ਜਦਕਿ ਦੋ ਮੁਲਜ਼ਮ ਫ਼ਰਾਰ ਹੋ ਗਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪਰਦੀਪ ਸੈਣੀ ਨੇ ਦੱਸਿਆ ਕਿ ਕੁਝ ਨੌਜਵਾਨਾਂ ਵੱਲੋਂ ਧਰਨੇ 'ਤੇ ਬੈਠੇ ਵਕੀਲਾਂ 'ਤੇ ਹਮਲਾ ਕੀਤਾ ਗਿਆ ਤਾਂ ਵਕੀਲਾਂ ਨੇ ਨੌਜਵਾਨਾਂ ਕਾਬੂ ਕਰਕੇ ਉਨ੍ਹਾਂ ਨਾਲ ਕੁੱਟਮਾਰ ਵੀ ਕੀਤੀ ਗਈ ਹੈ ਅਤੇ ਪੁਲਿਸ ਦੇ ਹਵਾਲੇ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਉਦੋਂ ਪੁਲਿਸ ਵੀ ਉੱਥੇ ਮੌਜੂਦ ਸੀ ਲੇਕਿਨ ਪੁਲਿਸ ਉਨ੍ਹਾਂ ਨੌਜਵਾਨਾਂ ਨੂੰ ਗ੍ਰਿਫ਼ਤਾਰ ਨਹੀਂ ਸੀ ਕਰ ਰਹੀ। ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਕਾਨੂੰਨ ਵਿਵਸਥਾ ਦਿਖਾਈ ਨਹੀਂ ਦੇ ਰਿਹਾ ਕੋਈ ਵੀ ਵਿਅਕਤੀ ਜ਼ਿਲ੍ਹਾ ਕਚਹਿਰੀ ਵਿੱਚ ਆ ਕੇ ਕਿਸੇ ਵੀ ਵੱਡੀ ਘਟਨਾ ਨੂੰ ਅੰਜ਼ਾਮ ਦੇ ਕੇ ਜਾ ਸਕਦਾ ਹੈ ਕਿ ਪੁਲਿਸ ਹੱਥ ਤੇ ਹੱਥ ਰੱਖ ਕੇ ਬੈਠੀ ਹੋਈ ਹੈ। ਇਸ ਝੜੱਪ ਤੋਂ ਬਾਅਦ ਪੁਲਿਸ ਵੱਲੋਂ ਤਿੰਨ ਨੌਜਵਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ . ਇਸ ਮਾਮਲੇ ਵਿਚ ਏਡੀਸੀਪੀ ਅਮਨਦੀਪ ਕੌਰ ਮੌਕੇ 'ਤੇ ਪਹੁੰਚ ਗਏ ਹਨ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਸਾਈਕਲਿਸਟ ਜ਼ਖ਼ਮੀ

ਟੋਰਾਂਟੋ, 30 ਮਈ (ਪੋਸਟ ਬਿਊਰੋ) : ਟੋਰਾਂਟੋ ਦੇ ਪੂਰਬੀ ਸਿਰੇ ਉੱਤੇ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਸਾਈਕਲਿਸਟ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਇਲਾਜ ਲਈ ਉਸ ਨੂੰ ਹਸਪਤਾਲ ਲਿਜਾਇਆ ਗਿਆ।

ਮੰਗਲਵਾਰ ਦੁਪਹਿਰੇ 2:00 ਵਜੇ ਤੋਂ ਬਾਅਦ ਟੋਰਾਂਟੋ ਪੁਲਿਸ ਨੂੰ ਫਿੰਚ ਐਵਨਿਊ ਈਸਟ ਤੇ ਫਾਰਮੇਸੀ ਐਵਨਿਊ ਇਲਾਕੇ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਸਾਈਕਲਿਸਟ ਦੀ ਹਾਲਤ ਕਾਫੀ ਗੰਭੀਰ ਸੀ।

ਜਿਸ ਗੱਡੀ ਵੱਲੋਂ ਟੱਕਰ ਮਾਰੀ ਗਈ ਉਸ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਨਵੀਂ ਪੀੜ੍ਹੀ ਸ਼ਰਾਬੀ ਹੋ ਗਈ, ਕੋਰੋਨਾ ਦੇ ਦੌਰ ਤੋਂ ਬਾਅਦ ਦੇਸ਼ 'ਚ ਤੇਜ਼ੀ ਨਾਲ ਵਧੀ ਨਸ਼ੇ ਦੀ ਖਪਤ

–ਵਿਜੈ ਗਰਗ–

ਖਤਰਨਾਕ ਨਸ਼ੇ ਦਾ ਭੂਤ ਦੇਸ਼ ਨੂੰ ਵੰਗਾਰ ਰਿਹਾ ਹੈ ਕਿ ਬਚਾ ਸਕਦੇ ਹੋ ਤਾਂ ਆਪਣੀ ਨੌਜਵਾਨ ਪੀੜੀ ਨੂੰ ਬਚਾਓ। ਗ੍ਰਹਿ ਮੰਤਰੀ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਨਸ਼ਾ ਵਿਰੋਧੀ ਟਾਸਕ ਫੋਰਸ ਨੂੰ ਸਾਲ 2047 ਤੱਕ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਦਾ ਭਰੋਸਾ ਦਿੱਤਾ ਹੈ ਪਰ ਜੇਕਰ ਇਹ ਏਜੰਸੀਆਂ ਅਤੇ ਪੁਲਿਸ ਇੰਨੀਆਂ ਹੀ ਸੁਚੇਤ ਅਤੇ ਇਮਾਨਦਾਰ ਹੁੰਦੀਆਂ ਤਾਂ ਹਾਲਾਤ ਇੱਥੋਂ ਤੱਕ ਨਾ ਪਹੁੰਚਦੇ। ਸੁਤੰਤਰ ਸੰਗਠਨ 'ਥਿੰਕ ਚੇਂਜ' ਨੇ ਇਕ ਅਧਿਐਨ 'ਚ ਚਿਤਾਵਨੀ ਦਿੱਤੀ ਹੈ ਕਿ ਕੋਰੋਨਾ ਦੇ ਦੌਰ ਤੋਂ ਬਾਅਦ ਦੇਸ਼ 'ਚ ਨਸ਼ੇ ਵਧਣਗੇ।ਪਦਾਰਥਾਂ ਦੀ ਖਪਤ ਤੇਜ਼ੀ ਨਾਲ ਵਧੀ ਹੈ। ਜੇਕਰ ਹਾਲਾਤ ਨਾ ਬਦਲੇ ਤਾਂ ਅਗਲੇ ਦਹਾਕਿਆਂ ਵਿੱਚ ਨਸ਼ਾ ਭਿਆਨਕ ਰੂਪ ਧਾਰਨ ਕਰ ਲਵੇਗਾ। ਰਿਪੋਰਟ ਵਿੱਚ ਦਸ ਤੋਂ ਸਤਾਰਾਂ ਸਾਲ ਦੀ ਉਮਰ ਦੇ ਬੱਚਿਆਂ ਅਤੇ ਕਿਸ਼ੋਰਾਂ ਦੀ ਸਭ ਤੋਂ ਵੱਧ ਗਿਣਤੀ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ। ਚੇਤਾਵਨੀ ਹਲਕਾ ਨਹੀਂ ਹੈ। ਨਸ਼ਿਆਂ ਦੀ ਸੌਖੀ ਪਹੁੰਚ ਮਿਡਲ ਅਤੇ ਹਾਈ ਸਕੂਲਾਂ ਤੱਕ ਪਹੁੰਚ ਗਈ ਹੈ। ਦੇਸ਼ ਵਿੱਚ ਛੋਟੀ ਉਮਰ ਵਿੱਚ ਬੱਚਿਆਂ ਨੂੰ ਹੋਸਟਲਾਂ ਅਤੇ ਕੋਚਿੰਗ ਸੰਸਥਾਵਾਂ ਵਿੱਚ ਭੇਜਣ ਦੇ ਰੁਝਾਨ ਅਤੇ ਕਾਨੂੰਨ ਲਾਗੂ ਕਰਨ ਵਿੱਚ ਢਿੱਲ-ਮੱਠ ਨੇ ਬੱਚਿਆਂ ਅਤੇ ਕਿਸ਼ੋਰਾਂ ਨੂੰ ਨਸ਼ਿਆਂ ਦੇ ਨੇੜੇ ਧੱਕ ਦਿੱਤਾ ਹੈ। ਅੰਦਾਜ਼ਾ ਹੈ ਕਿ ਦੇਸ਼ ਵਿੱਚ ਨਸ਼ਿਆਂ ਦਾ ਕਾਰੋਬਾਰ ਪੰਦਰਾਂ ਲੱਖ ਹੈਈ ਪ੍ਰਤੀ ਸਾਲ ਰੁਪਏ ਤੋਂ ਵੱਧ ਹੈ। ਦੇਸ਼ ਦੀ ਤਿੰਨ ਫ਼ੀਸਦੀ ਆਬਾਦੀ ਪੂਰੀ ਤਰ੍ਹਾਂ ਖ਼ਤਰਨਾਕ ਨਸ਼ਿਆਂ ਦੀ ਲਪੇਟ ਵਿੱਚ ਹੈ। ਹੁਣ ਮਿਜ਼ੋਰਮ, ਪੰਜਾਬ, ਦਿੱਲੀ ਹੀ ਨਹੀਂ, ਜਿੱਥੇ ਨਸ਼ੇੜੀਆਂ ਦੀ ਗਿਣਤੀ ਸਭ ਤੋਂ ਵੱਧ ਹੈ, ਉੱਥੇ ਦੇਸ਼ ਦੇ ਕੋਨੇ-ਕੋਨੇ ਦੇ ਛੋਟੇ-ਛੋਟੇ ਪਿੰਡਾਂ ਅਤੇ ਕਸਬਿਆਂ ਵਿੱਚ ਵੀ ਪਾਬੰਦੀਸ਼ੁਦਾ ਨਸ਼ੇ ਆਸਾਨੀ ਨਾਲ ਉਪਲਬਧ ਹਨ। ਪਿਛਲੇ ਸਾਲ ਗੁਜਰਾਤ ਦੇ ਮੁੰਦਰਾ ਬੰਦਰਗਾਹ ਤੋਂ 3,000 ਕਿੱਲੋ, ਦਿੱਲੀ ਅਤੇ ਲਖਨਊ ਤੋਂ 322 ਕਿੱਲੋ ਖ਼ਤਰਨਾਕ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਸਨ, ਜਿਨ੍ਹਾਂ ਦੀ ਸਪਲਾਈ ਚੇਨ ਵਿੱਚ ਮੈਡੀਕਲ, ਇੰਜਨੀਅਰਿੰਗ, ਆਈਆਈਟੀ, ਆਈਆਈਐਮ, ਫੈਸ਼ਨ ਡਿਜ਼ਾਈਨਿੰਗ ਦੇ ਵਿਦਿਆਰਥੀਆਂ ਨੂੰ ਸ਼ਾਮਲ ਕੀਤਾ ਗਿਆ ਸੀ।ਜਿਸ ਰਫ਼ਤਾਰ ਨਾਲ ਕੋਟਾ, ਬੰਗਲੌਰ, ਹੈਦਰਾਬਾਦ, ਪੁਣੇ ਵਿੱਚ ਆਈਟੀ ਸੈਕਟਰਾਂ ਦਾ ਵਿਕਾਸ ਹੋਇਆ, ਉਸੇ ਰਫ਼ਤਾਰ ਨਾਲ ਉਨ੍ਹਾਂ ਵਿੱਚ ਨਸ਼ਿਆਂ ਦਾ ਕਾਰੋਬਾਰ ਫੈਲਿਆ। ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਏਮਜ਼ ਦੁਆਰਾ ਕਰਵਾਏ ਗਏ ਇੱਕ ਸਰਵੇਖਣ ਵਿੱਚ ਇਕੱਲੇ ਦਿੱਲੀ ਵਿੱਚ ਨੱਬੇ ਹਜ਼ਾਰ ਖਤਰਨਾਕ ਨਸ਼ੇੜੀਆਂ ਦੀ ਪਛਾਣ ਕੀਤੀ ਗਈ ਹੈ। ਇਨ੍ਹਾਂ ਵਿੱਚੋਂ 49 ਫੀਸਦੀ 19 ਤੋਂ 38 ਸਾਲ ਦੀ ਉਮਰ ਦੇ ਨੌਜਵਾਨ ਹਨ। ਦੇਸ਼ ਵਿੱਚ 10 ਤੋਂ 17 ਸਾਲ ਦੀ ਉਮਰ ਦੇ 1.48 ਕਰੋੜ ਬੱਚੇ ਅਤੇ ਕਿਸ਼ੋਰ ਸ਼ਰਾਬ, ਅਫਰੀਮ, ਕੋਕੀਨ, ਭੰਗ, ਗਾਂਜਾ ਦਾ ਸੇਵਨ ਕਰ ਰਹੇ ਹਨ। ਸਕੂਲੀ ਬੱਚਿਆਂ ਵਿੱਚ ਈ-ਸਿਗਰੇਟ ਅਤੇ 'ਸਾਈਕੋਟ੍ਰੋਪਿਕ ਡਰੱਗ' ਦੀ ਲਤ ਬਹੁਤ ਤੇਜ਼ੀ ਨਾਲ ਵਧੀ ਹੈ।, ਵੈੱਬਸਾਈਟਾਂ ਆਨਲਾਈਨ ਨਸ਼ੇ ਦੀ ਅੰਨ੍ਹੇਵਾਹ ਵਿਕਰੀ ਕਰ ਰਹੀਆਂ ਹਨ, ਜਦੋਂ ਕਿ ਸ਼ਹਿਰਾਂ ਅਤੇ ਕਸਬਿਆਂ ਦੇ ਕੁਝ ਡਰੱਗ ਡੀਲਰ ਇਸ ਨੂੰ ਮੁਹੱਈਆ ਕਰਵਾ ਰਹੇ ਹਨ। ਸਕੂਲਾਂ-ਕਾਲਜਾਂ ਦੇ ਨੇੜੇ ਸਥਿਤ ਪਾਨ-ਚਾਹ ਦੀਆਂ ਦੁਕਾਨਾਂ ਅਤੇ ਹੋਰ ਦੁਕਾਨਦਾਰਾਂ ਨੇ ਅਜਿਹੀਆਂ ਵਸਤਾਂ ਦੀ ਵਿਕਰੀ ਨੂੰ ਨਾਜਾਇਜ਼ ਕਮਾਈ ਦਾ ਸਾਧਨ ਬਣਾ ਲਿਆ ਹੈ। ਛੋਟੇ ਸ਼ਹਿਰਾਂ ਅਤੇ ਕਸਬਿਆਂ ਦੇ ਜ਼ਿਆਦਾਤਰ ਹੋਟਲ ਅਤੇ ਰੈਸਟੋਰੈਂਟ ਮਾਲਕ ਪਾਰਟੀ ਸਮਾਗਮਾਂ ਵਿੱਚ ਵਿਦਿਆਰਥੀਆਂ ਨੂੰ ਇਹ 'ਮਨੋਵਿਗਿਆਨਕ ਦਵਾਈਆਂ' ਆਸਾਨੀ ਨਾਲ ਉਪਲਬਧ ਕਰਵਾ ਰਹੇ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ (ਐੱਨ. ਸੀ. ਆਰ. ਬੀ.) ਦੇ ਅੰਕੜਿਆਂ ਮੁਤਾਬਕ ਜਿੱਥੇ ਸਾਲ 2019 'ਚ 7 ਲੋਕ ਨਸ਼ੇ ਦੀ ਲਤ ਤੋਂ ਪਰੇਸ਼ਾਨ ਹੋਏ ਸਨ।ਹਜ਼ਾਰ 800 ਲੋਕਾਂ ਨੇ ਕੀਤੀ ਖੁਦਕੁਸ਼ੀ, ਸਾਲ 2021 ਵਿੱਚ ਇਹ ਅੰਕੜਾ 10 ਹਜ਼ਾਰ 560 ਹੋ ਗਿਆ ਹੈ। ਨਸ਼ੇ ਕਾਰਨ ਖੁਦਕੁਸ਼ੀਆਂ ਦਾ ਰੁਝਾਨ ਦੋ ਸਾਲਾਂ ਵਿੱਚ 20 ਫੀਸਦੀ ਦੀ ਦਰ ਨਾਲ ਵਧਿਆ ਹੈ। ਪੰਜਾਬ ਦੇ ਸਕੂਲੀ ਬੱਚਿਆਂ ਦੀ ਰਿਪੋਰਟ ਦੱਸਦੀ ਹੈ ਕਿ ਸੂਬੇ ਦਾ ਹਰ ਤੀਜਾ ਲੜਕਾ ਅਤੇ ਦਸਵੀਂ ਦੀ ਵਿਦਿਆਰਥਣ ਨਸ਼ੇ ਦਾ ਸ਼ਿਕਾਰ ਹੋ ਚੁੱਕੀ ਹੈ। ਸਮਾਜਿਕ ਨਿਆਂ ਵਿਭਾਗ ਅਨੁਸਾਰ



ਦੇਸ਼ ਦੀ ਕੁੱਲ ਆਬਾਦੀ ਦਾ 14.6 ਫ਼ੀਸਦੀ ਹਿੱਸਾ ਨਸ਼ਿਆਂ ਦੀ ਲਪੇਟ ਵਿੱਚ ਹੈ, ਜਿਨ੍ਹਾਂ ਵਿੱਚੋਂ ਤਿੰਨ ਫ਼ੀਸਦੀ ਖ਼ਤਰਨਾਕ ਨਸ਼ਿਆਂ ਦੇ ਆਦੀ ਹਨ। ਜੇਕਰ ਸਰਕਾਰਾਂ ਅਤੇ ਆਮ ਲੋਕਾਂ ਨੇ ਦੇਸ਼ ਵਿੱਚ ਤੇਜ਼ੀ ਨਾਲ ਫੈਲ ਰਹੇ ਜ਼ਹਿਰ ਪ੍ਰਤੀ ਸੁਚੇਤ ਨਾ ਕੀਤਾ ਤਾਂ 2050 ਤੱਕ ਅੱਧੇ ਨੌਜਵਾਨਅਬਾਦੀ ਨਸ਼ੇ ਦੀ ਲਪੇਟ ਵਿੱਚ ਆ ਜਾਵੇਗੀ। ਆਂਧਰਾ ਪ੍ਰਦੇਸ਼, ਪੰਜਾਬ ਅਤੇ ਉੜੀਸਾ ਭੰਗ ਦੇ ਪ੍ਰਮੁੱਖ ਸਪਲਾਇਰ ਹਨ। ਪਹਿਲਾਂ ਇਹ ਗੈਰ-ਕਾਨੂੰਨੀ ਧੰਦਾ ਜੋ ਊਠਾਂ ਰਾਹੀਂ ਹੁੰਦਾ ਸੀ, ਹੁਣ ਸਮੁੰਦਰੀ ਰਸਤੇ ਅਤੇ ਡਰੋਨਾਂ ਰਾਹੀਂ ਕੀਤਾ ਜਾ ਰਿਹਾ ਹੈ। ਕੱਛ ਦੇ ਮੁੰਦਰਾ ਅਤੇ ਜਖਾਊ ਬੰਦਰਗਾਹਾਂ ਤੋਂ ਸੂਰਜਵਾੜੀ ਅਤੇ ਸਮਖਿਆਲੀ ਮਾਰਗਾਂ ਰਾਹੀਂ ਨਸ਼ਾ ਦੇਸ਼ ਦੇ ਕੋਨੇ-ਕੋਨੇ ਤੱਕ ਪਹੁੰਚ ਰਿਹਾ ਹੈ। ਪਿਛਲੇ ਸਾਲ, ਗੁਜਰਾਤ ਏਟੀਐਸ ਨੇ ਮੋਰਬੀ ਜ਼ਿਲ੍ਹੇ ਦੇ ਇੱਕ ਛੋਟੇ ਜਿਹੇ ਪਿੰਡ ਝਿੰਝੂਦਾ ਤੋਂ 120 ਕਿਲੋਗ੍ਰਾਮ ਨਸ਼ੀਲੇ ਪਦਾਰਥ ਜ਼ਬਤ ਕੀਤੇ ਸਨ, ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ 600 ਕਰੋੜ ਰੁਪਏ ਹੈ। ਹਾਲ ਹੀ ਵਿੱਚ ਅਤੇ ਜਲ ਸੈਨਾ ਸੰਯੁਕਤਇਸ ਆਪਰੇਸ਼ਨ ਦੇ ਤਹਿਤ ਕੇਰਲ ਦੇ ਕੋਚੀ ਦੇ ਤੱਟ 'ਤੇ ਪਾਕਿਸਤਾਨੀ ਕਿਸ਼ਤੀ 'ਚੋਂ ਬਾਰਾਂ ਹਜ਼ਾਰ ਕਰੋੜ ਰੁਪਏ ਦੀ ਕੀਮਤ ਦਾ 2500 ਕਿਲੋ ਨਸ਼ੀਲਾ ਪਦਾਰਥ ਬਰਾਮਦ ਕੀਤਾ ਗਿਆ ਹੈ। ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਮਹਾਰਾਸ਼ਟਰ, ਛੱਤੀਸਗੜ੍ਹ, ਉੱਤਰਾਖੰਡ, ਦੱਖਣੀ ਅਤੇ ਪੂਰਬੀ ਰਾਜਾਂ ਵਿੱਚ ਮੈਥਾ, ਐਲਐਸਡੀ, ਮਿਆਊ-ਮਿਆਊ, ਚਿੱਟਾ ਪਾਊਡਰ, ਟਿਕਟ ਵਰਗੇ ਰਸਾਇਣਕ ਨਸ਼ੀਲੇ ਪਦਾਰਥ ਬੱਚਿਆਂ ਅਤੇ ਕਿਸ਼ੋਰਾਂ ਤੱਕ ਪਹੁੰਚ ਚੁੱਕੇ ਹਨ। ਦੇਸ਼ ਵਿੱਚ ਨਸ਼ੀਲੇ ਪਦਾਰਥਾਂ ਦੀ ਰੋਕਥਾਮ ਲਈ ਬਣਿਆ ਕਾਨੂੰਨ ਇਸ ਗੈਰ-ਕਾਨੂੰਨੀ ਧੰਦੇ ਨੂੰ ਰੋਕਣ ਵਿੱਚ ਕਮਜ਼ੋਰ ਸਾਬਤ ਹੋ ਰਿਹਾ ਹੈ। ਸਜ਼ਾ ਦਾ ਸਾਰਾ ਤਰੀਕਾ ਪੁਲਿਸ ਦੀ ਇਮਾਨਦਾਰੀ 'ਤੇ ਨਿਰਭਰ ਕਰਦਾ ਹੈ ਕਰਦਾ ਹੈ। ਮੌਤ ਦੇ ਸੌਦਾਗਰ ਇਨ੍ਹਾਂ ਅਪਰਾਧੀਆਂ ਲਈ ਸਜ਼ਾਵਾਂ ਦੀ ਮਾਮੂਲੀ ਵਿਵਸਥਾ ਦੇਸ਼ ਵਿੱਚ ਅਪਰਾਧ ਦਰ ਨੂੰ ਵਧਾ ਰਹੀ ਹੈ। ਦੇਸ਼ ਵਿੱਚ ਨਸ਼ਿਆਂ ਦਾ ਕਾਰੋਬਾਰ ਰਾਜਾਂ ਦੀਆਂ ਸਰਹੱਦਾਂ ਤੋਂ ਪਾਰ ਚੱਲਦਾ ਹੈ, ਕਿਉਂਕਿ ਰਾਜਾਂ ਦੀਆਂ ਸੁਰੱਖਿਆ ਏਜੰਸੀਆਂ ਵਿੱਚ ਤਾਲਮੇਲ ਦੀ ਘਾਟ ਅਤੇ ਰਾਜ ਸਰਕਾਰਾਂ ਵਿੱਚ ਸਿਆਸੀ ਰੰਜਿਸ਼ ਦੀ ਭਾਵਨਾ ਡਰੱਗ ਮਾਫੀਆ ਦੀ ਸਰਪ੍ਰਸਤੀ ਦਾ ਕਾਰਨ ਬਣ ਰਹੀ ਹੈ। ਡਰੱਗ ਮਾਫੀਆ ਦੀ ਕਮਰ ਤੋੜਨ ਦੇ ਇਰਾਦੇ ਨਾਲ ਸੀਬੀਆਈ ਨੇ ਇੰਟਰਪੋਲ ਅਤੇ ਐਨਸੀਬੀ ਦੀ ਮਦਦ ਨਾਲ ਅੱਠ ਰਾਜਾਂ ਵਿੱਚ ਅਪਰੇਸ਼ਨ ਗਰੁੜ ਸ਼ੁਰੂ ਕੀਤਾ ਸੀ। ਹੈਰੋਇਨ, ਚਰਸ, ਮੈਫੇਡ੍ਰੋਨ, ਸਮੈਕ, ਇੰਜੈਕਟੇਬਲ ਡਰੱਗਜ਼, ਗਾਂਜਾ, ਅਫੀਮ ਦੀ ਵੱਡੀ ਬਰਾਮਦਗੀਇਸ ਦੇ ਨਾਲ ਹੀ 6600 ਸ਼ੱਕੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਪਰ ਸੂਬਾ ਸਰਕਾਰਾਂ ਵਿੱਚ ਤਾਲਮੇਲ ਦੀ ਘਾਟ ਕਾਰਨ ਇਹ ਮੁਹਿੰਮ ਜਾਰੀ ਨਹੀਂ ਰਹਿ ਸਕੀ। ਅੱਜ ਜਿੱਥੇ ਮਾਫੀਆ ਨੇ ਦੇਸ਼ ਦੇ ਛੋਟੇ-ਛੋਟੇ ਪਿੰਡਾਂ ਨੂੰ ਆਧੁਨਿਕ ਤਕਨੀਕੀ ਸਹੂਲਤਾਂ ਨਾਲ ਲੈਸ ਕਰ ਦਿੱਤਾ ਹੈ, ਉੱਥੇ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਨੌਂ ਸੌ ਥਾਣਿਆਂ ਵਿੱਚ ਸੰਚਾਰ ਦੇ ਸਾਧਨ ਵੀ ਉਪਲਬਧ ਨਹੀਂ ਹਨ। ਦੇਸ਼ ਦੇ 233 ਥਾਣਿਆਂ ਵਿੱਚ ਵਾਹਨ ਨਹੀਂ ਹਨ। 115 ਥਾਣਿਆਂ ਵਿੱਚ ਵਾਇਰਲੈੱਸ ਸੈੱਟ ਨਹੀਂ ਹਨ। ਦੇਸ਼ ਦੇ 17 ਹਜ਼ਾਰ 233 ਥਾਣਿਆਂ ਦੇ ਆਧੁਨਿਕੀਕਰਨ ਲਈ ਕੇਂਦਰ ਸਰਕਾਰ ਰਾਜਾਂ ਨੂੰ ਫੰਡ ਦਿੰਦੀ ਹੈ। ਕੇਂਦਰ ਨੇ 2021-22 ਵਿੱਚ 158.56 ਕਰੋੜ ਰੁਪਏ ਜਾਰੀ ਕੀਤੇਕੀਤੇ ਗਏ ਸਨ। ਪਿਛਲੇ ਸਾਲਾਂ ਵਿੱਚ ਰਾਜਾਂ ਨੂੰ ਦਿੱਤੇ ਫੰਡ ਖਰਚ ਨਾ ਹੋਣ ਕਾਰਨ 742.10 ਕਰੋੜ ਰੁਪਏ ਦੀ ਬਚਤ ਹੋਈ ਸੀ। ਰਾਜ ਸਰਕਾਰਾਂ ਪੁਲਿਸ ਦੇ ਆਧੁਨਿਕੀਕਰਨ ਵਿੱਚ ਬਹੁਤ ਪਿੱਛੇ ਹਨ, ਜਦਕਿ ਅਪਰਾਧੀਆਂ ਦੀ ਰਫ਼ਤਾਰ ਬਹੁਤ ਤੇਜ਼ ਹੈ। ਨਸ਼ੇ ਦੇ ਸੌਦਾਗਰਾਂ ਨੇ ਹੁਣ ਇਸ ਧੰਦੇ ਵਿੱਚ ਮਹਿਲਾ ਗਰੋਹਾਂ ਨੂੰ ਸ਼ਾਮਲ ਕਰਨਾ ਸ਼ੁਰੂ ਕਰ ਦਿੱਤਾ ਹੈ, ਜਦੋਂ ਕਿ ਦੇਸ਼ ਵਿੱਚ ਮਹਿਲਾ ਪੁਲੀਸ ਮੁਲਾਜ਼ਮਾਂ ਦੀ ਗਿਣਤੀ ਬਹੁਤ ਘੱਟ ਹੈ। ਦੇਸ਼ ਦੀਆਂ ਅਦਾਲਤਾਂ ਔਰਤ ਅਪਰਾਧੀ ਨੂੰ ਸਿਰਫ਼ ਮਹਿਲਾ ਪੁਲੀਸ ਵੱਲੋਂ ਗ੍ਰਿਫ਼ਤਾਰ ਕਰਨ ਦੇ ਹੱਕ ਵਿੱਚ ਹਨ, ਜਦੋਂ ਕਿ ਦੇਸ਼ ਭਰ ਵਿੱਚ 2800 ਔਰਤਾਂ 'ਤੇ ਸਿਰਫ਼ ਇੱਕ ਮਹਿਲਾ ਪੁਲੀਸ ਮੁਲਾਜ਼ਮ ਹੈ। ਰਾਜਾਂ ਦੀ ਹਾਲਤ ਇਹ ਹੈ ਕਿ ਐਸ.ਟੀ.ਐਫ ਦੇ ਵਿਸ਼ੇਸ਼ ਸਿਖਲਾਈ ਪ੍ਰਾਪਤ ਹੈਜਵਾਨਾਂ ਨੂੰ ਮੰਤਰੀਆਂ ਅਤੇ ਅਫਸਰਾਂ ਦੇ ਸੇਵਾਦਾਰ ਬਣਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਬੰਗਲਿਆਂ ਦੀ ਰਾਖੀ ਦਾ ਇੰਚਾਰਜ ਲਾਇਆ ਗਿਆ ਹੈ। ਜਦੋਂ ਕਿ ਨਗਰ ਨਿਗਮ ਦੇ ਸੇਵਾਦਾਰ ਥਾਣੇ ਚਲਾ ਰਹੇ ਹਨ। ਇਕੱਲੇ ਮੱਧ ਪ੍ਰਦੇਸ਼ ਵਿੱਚ, 4,000 ਤੋਂ ਵੱਧ ਐਸਟੀਐਫ ਦੇ ਜਵਾਨ ਅਪਰਾਧੀਆਂ ਨੂੰ ਗ੍ਰਿਫਤਾਰ ਕਰਨ ਦੀ ਬਜਾਏ ਮੰਤਰੀਆਂ ਅਤੇ ਪੁਲਿਸ ਅਧਿਕਾਰੀਆਂ ਦੀ ਸੇਵਾ ਕਰ ਰਹੇ ਹਨ। ਰਾਜਾਂ ਕੋਲ ਤੇਜ਼ ਦਵਾਈਆਂ ਦੀ ਜਾਂਚ ਲਈ ਲੋੜੀਂਦੀਆਂ ਪ੍ਰਯੋਗਸ਼ਾਲਾਵਾਂ ਨਹੀਂ ਹਨ। ਜ਼ਬਤ ਕੀਤੀ ਸਮੱਗਰੀ ਦੀ ਜਾਂਚ ਵਿੱਚ ਕਈ ਮਹੀਨੇ ਲੱਗ ਜਾਂਦੇ ਹਨ, ਨਤੀਜੇ ਵਜੋਂ ਗਲਤ ਨਤੀਜੇ ਨਿਕਲਦੇ ਹਨ। ਵਧਦੀ ਆਬਾਦੀ, ਰੁਜ਼ਗਾਰ ਦੀ ਘਾਟ, ਛੋਟੇ ਕਾਰੋਬਾਰੀਆਂ ਦੀਆਂ ਨੌਕਰੀਆਂ ਖੋਹਣ, ਕੰਮ ਕਰਨ ਵਾਲੀਆਂ ਥਾਵਾਂ ਮਾਪਿਆਂ 'ਤੇ ਤਣਾਅ, ਬੱਚਿਆਂ 'ਤੇ ਪੜ੍ਹਾਈ ਦਾ ਬੋਝ, ਸੰਯੁਕਤ ਪਰਿਵਾਰਾਂ ਦੇ ਟੁੱਟਣ ਕਾਰਨ ਬੱਚਿਆਂ ਅਤੇ ਕਿਸ਼ੋਰਾਂ ਦੀ ਵਧ ਰਹੀ ਇਕੱਲਤਾ ਉਨ੍ਹਾਂ ਨੂੰ ਨਸ਼ਿਆਂ ਵੱਲ ਧੱਕ ਰਹੀ ਹੈ। ਜੇਕਰ ਸਰਕਾਰਾਂ ਅਜੇ ਵੀ ਇਸ ਪ੍ਰਤੀ ਗੰਭੀਰ ਨਾ ਹੋਈਆਂ ਤਾਂ ਆਉਣ ਵਾਲੀਆਂ ਪੀੜ੍ਹੀਆਂ ਮਾਨਸਿਕ ਤੌਰ 'ਤੇ ਅਪਾਹਜ ਹੋ ਕੇ ਅਪਰਾਧ ਦਾ ਸ਼ਿਕਾਰ ਹੋ ਜਾਣਗੀਆਂ।

# ਫੈਸ਼ਨ ਜਰਨਲਿਸਟ - ਫੈਸ਼ਨ ਜਰਨਲਿਸਟ ਕਿਵੇਂ ਬਣਨਾ ਹੈ

-ਵਿਜੈ ਗਰਗ

ਫੈਸ਼ਨ ਜਰਨਲਿਸਟ ਇੱਕ ਪੇਸ਼ੇਵਰ ਹੈ ਜੋ ਕਹਾਣੀਆਂ ਅਤੇ ਲੇਖਾਂ ਨੂੰ ਲਿਖਣ ਅਤੇ ਸੰਪਾਦਿਤ ਕਰਨ ਵਰਗੀਆਂ ਗਤੀਵਿਧੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਗਠਨ ਕਰਦਾ ਹੈ; ਸਟਾਈਲਿੰਗ ਫੋਟੋ ਸ਼ੂਟ; ਜਨ ਸੰਪਰਕ, ਇੰਟਰਵਿਊ ਅਤੇ ਡਿਜ਼ਾਈਨਿੰਗ ਦੇ ਨਾਲ, ਫੈਸ਼ਨ ਦੇ ਮੌਜੂਦਾ ਅਤੇ ਭਵਿੱਖ ਦੇ ਰੁਝਾਨਾਂ ਦੀ ਖੋਜ ਕਰਨਾ। ਫੈਸ਼ਨ ਪੱਤਰਕਾਰ ਉਭਰ ਰਹੇ ਫੈਸ਼ਨ ਰੁਝਾਨਾਂ ਦੀ ਸਮੀਖਿਆ ਅਤੇ ਰਿਪੋਰਟ ਵੀ ਕਰਦੇ ਹਨ। ਇੱਕ ਫੈਸ਼ਨ ਪੱਤਰਕਾਰ ਇੰਟਰਵਿਊਆਂ ਦੀ ਖੋਜ ਅਤੇ ਸੰਚਾਲਨ ਕਰਨ ਵਿੱਚ ਬਹੁਤ ਸਮਾਂ ਬਿਤਾਉਂਦਾ ਹੈ ਅਤੇ ਇਹ ਜ਼ਰੂਰੀ ਹੈ ਕਿ ਉਹ ਫੋਟੋਗ੍ਰਾਫ਼ਰਾਂ, ਡਿਜ਼ਾਈਨਰਾਂ ਅਤੇ ਜਨ ਸੰਪਰਕ ਮਾਹਰਾਂ ਸਮੇਤ ਫੈਸ਼ਨ ਉਦਯੋਗ ਦੇ ਲੋਕਾਂ ਨਾਲ ਚੰਗੇ ਸੰਪਰਕ ਰੱਖਦਾ ਹੋਵੇ। ਫੈਸ਼ਨ ਪੱਤਰਕਾਰਾਂ ਨੂੰ ਜਾਂ ਤਾਂ ਪ੍ਰਕਾਸ਼ਨ ਦੁਆਰਾ ਪੂਰਾ ਸਮਾਂ ਲਗਾਇਆ ਜਾਂਦਾ ਹੈ ਜਾਂ ਫ੍ਰੀਲਾਂਸ ਦੇ ਅਧਾਰ 'ਤੇ ਕੰਮ ਕੀਤਾ ਜਾਂਦਾ ਹੈ। ਫੈਸ਼ਨ ਜਰਨਲਿਸਟ ਦਾ ਪੇਸ਼ਾ ਇੱਕ ਵਿਸ਼ਾਲ ਸ਼ਬਦ ਹੈ ਜੋ ਆਮ ਤੌਰ 'ਤੇ ਫੈਸ਼ਨ ਮੀਡੀਆ ਨਾਲ ਸਿੱਧੇ ਸਬੰਧ ਵਿੱਚ ਵਰਤਿਆ ਜਾਂਦਾ ਹੈ। ਜਿਵੇਂ ਕਿ ਨਾਮ ਤੋਂ ਪਤਾ ਲੱਗਦਾ ਹੈ, ਇਹ ਇੱਕ ਸੰਕਲਪ ਹੈ ਜਿਸ ਵਿੱਚ ਫੈਸ਼ਨ ਉਦਯੋਗ ਦੇ ਪ੍ਰਚਾਰ ਨਾਲ ਸਬੰਧਤ ਹਰ ਚੀਜ਼ ਸ਼ਾਮਲ ਹੈ. ਮੁੱਖ ਉਦੇਸ਼ ਆਮ ਲੋਕਾਂ ਨੂੰ ਫੈਸ਼ਨ ਸੀਨ ਵਿੱਚ ਚੱਲ ਰਹੇ ਰੁਝਾਨਾਂ ਬਾਰੇ ਦੱਸਣਾ ਹੈ। ਫੈਸ਼ਨ ਪੱਤਰਕਾਰ ਯੋਗਤਾ ਫੈਸ਼ਨ ਅਤੇ ਲਿਖਣ ਦੀ ਸਮਝ ਅਤੇ ਗਿਆਨ ਵਾਲਾ ਕੋਈ ਵੀ ਗ੍ਰੈਜੂਏਟ ਇੱਕ ਫੈਸ਼ਨ ਪੱਤਰਕਾਰ ਬਣ ਸਕਦਾ ਹੈ। ਫੈਸ਼ਨ ਜਰਨਲਿਸਟ ਲੋੜੀਂਦੇ ਹੁਨਰ ਫੈਸ਼ਨ ਪੱਤਰਕਾਰ ਕਲਪਨਾਸ਼ੀਲ, ਖੋਜੀ, ਸੰਗਠਿਤ ਹੋਣੇ ਚਾਹੀਦੇ ਹਨ, ਅਤੇ ਉਹਨਾਂ ਕੋਲ ਆਪਣੇ ਨਿੱਜੀ ਤਜ਼ਰਬਿਆਂ ਤੋਂ ਪਰੇ ਦੇਖਣ ਅਤੇ ਫੈਸ਼ਨ ਨੂੰ ਵਧੇਰੇ ਵਿਆ-ਪਕ ਅਤੇ ਵਿਭਿੰਨ ਸੰਦਰਭ ਵਿੱਚ ਸਮਝਣ ਲਈ ਸ਼ਾਨਦਾਰ ਯੋਗਤਾਵਾਂ ਹੋਣੀਆਂ ਚਾਹੀਦੀਆਂ ਹਨ। ਉਹਨਾਂ ਨੂੰ ਵਿਚਾਰਾਂ ਅਤੇ ਪ੍ਰਭਾਵਾਂ ਨੂੰ ਪ੍ਰਗਟ ਕਰਨ 'ਤੇ ਜ਼ੋਰ ਦੇ ਕੇ ਖ਼ਬਰਾਂ ਇਕੱਠੀਆਂ ਕਰਨ ਅਤੇ ਰਿਪੋਰਟਿੰਗ ਦੀਆਂ ਤਕਨੀਕਾਂ ਬਾਰੇ ਗਿਆਨ ਪ੍ਰਾਪਤ ਕਰਨ ਦੀ ਜ਼ਰੂਰਤ ਹੁੰਦੀ ਹੈ। ਫੈਸ਼ਨ ਪੱਤਰਕਾਰਾਂ ਨੂੰ ਕੁਝ ਵਧੀਆ ਅੰਗਰੇਜ਼ੀ ਹੁਨਰ ਹੋਣ ਦੀ ਲੋੜ ਹੁੰਦੀ ਹੈ; ਇੱਕ ਦਿਲਚਸਪ ਵਾਕ ਨੂੰ ਇਕੱਠਾ ਕਰਨ ਦੇ ਯੋਗ; ਇੱਕ ਰੁਝਾਨ ਨੂੰ ਲੱਭਣ ਦੇ ਯੋਗ. ਉਹਨਾਂ ਕੋਲ ਵਧੀਆ ਲਿਖਤੀ ਅਤੇ ਮੌਖਿਕ ਸੰਚਾਰ ਹੁਨਰ ਅਤੇ ਲੋਕ-ਮੁਖੀ ਸੁਭਾਅ ਹੈ। ਫੈਸ਼ਨ ਜਰਨਲਿਸਟ ਲਈ ਕੋਰਸ ਪੇਸ਼ ਕਰਨ ਵਾਲੀਆਂ ਸੰਸਥਾਵਾਂ ਇੰਟਰਨੈਸ਼ਨਲ ਇੰਸਟੀਚਿਊਟ ਆਫ ਫੈਸ਼ਨ ਟੈਕਨਾਲੋਜੀ - , ਨਵੀਂ ਦਿੱਲੀ ਇੰਡੀਅਨ ਇੰਸਟੀਚਿਊਟ ਆਫ਼ ਜਰਨਲਿਜ਼ਮ ਐਂਡ ਨਿਊ ਮੀਡੀਆ (), ਬੰਗਲੌਰ ਏਸ਼ੀਅਨ ਕਾਲਜ ਆਫ਼ ਜਰਨਲਿਜ਼ਮ, ਚੇਨਈ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (), ਨਵੀਂ ਦਿੱਲੀ ਇੱਕ ਫੈਸ਼ਨ ਪੱਤਰਕਾਰ ਕਿਵੇਂ ਬਣਨਾ ਹੈ? ਫੈਸ਼ਨ ਜਰਨਲਿਸਟ ਬਣਨ ਲਈ ਹੇਠਾਂ ਦਿੱਤੇ ਕਦਮਾਂ ਦੀ ਪਾਲਣਾ ਕਰਨੀ ਪਵੇਗੀ- ਕਦਮ 1 ਫੈਸ਼ਨ ਜਰਨਲਿਸਟ ਬਣਨ ਦਾ ਪਹਿਲਾ ਕਦਮ ਇਹ ਹੈ ਕਿ ਫੈਸ਼ਨ ਉਦਯੋਗ ਕਿਵੇਂ ਕੰਮ ਕਰਦਾ ਹੈ ਇਸ ਬਾਰੇ ਵੱਧ ਤੋਂ ਵੱਧ ਸਮਝਣਾ. ਅਤੇ ਫਿਰ ਤੁਹਾਨੂੰ ਰਸਾਲਿਆਂ ਅਤੇ ਅਖਬਾਰਾਂ ਵਿੱਚੋਂ ਲੰਘਣਾ ਚਾਹੀਦਾ ਹੈ ਅਤੇ ਸੰਬੰਧਿਤ ਵਿਸ਼ਿਆਂ ਦੇ ਸੰਬੰਧ ਵਿੱਚ ਵੈੱਬ 'ਤੇ ਇੱਕ ਆਮ ਖੋਜ ਕਰਨੀ ਚਾਹੀਦੀ ਹੈ। ਕਦਮ 2 ਆਪਣੀ 12ਵੀਂ ਜਮਾਤ ਪਾਸ ਕਰਨ ਤੋਂ ਬਾਅਦ, ਅਤੇ ਫੈਸ਼ਨ ਅਤੇ ਲਿਖਣ ਦੀ ਸਮਝ ਅਤੇ ਗਿਆਨ ਹੋਣ ਤੋਂ ਬਾਅਦ ਉਹ ਗ੍ਰੈਜੂਏਸ਼ਨ ਕੋਰਸ ਲਈ ਜਾ ਸਕਦੇ ਹਨ ਅਤੇ ਇੱਕ ਫੈਸ਼ਨ ਪੱਤਰਕਾਰ ਬਣ ਸਕਦੇ ਹਨ। ਅਤੇ ਫੈਸ਼ਨ ਵਪਾਰਕ ਜਾਂ ਫੈਸ਼ਨ ਡਿਜ਼ਾਈਨ ਵਿੱਚ ਸਿਖਲਾਈ ਪ੍ਰਾਪਤ ਕਰਨਾ ਇੱਕ ਫੈਸ਼ਨ ਪੱਤਰਕਾਰ ਬਣਨ ਲਈ ਇੱਕ ਵਾਧੂ ਫਾਇਦਾ ਹੋਵੇਗਾ। ਫੈਸ਼ਨ ਜਰਨਲਿਜ਼ਮ ਨਾਲ ਸਬੰਧਤ ਕੋਈ ਵੀ ਕੋਰਸ ਫੈਸ਼ਨ ਜਗਤ ਦੀਆਂ ਬੁਨਿਆਦੀ ਗੱਲਾਂ ਅਤੇ ਰਣਨੀਤੀਆਂ ਨੂੰ ਸਿੱਖਣ ਲਈ ਕੀਤਾ ਜਾ ਸਕਦਾ ਹੈ। ਬੈਚਲਰ ਡਿਗਰੀ ਕੋਰਸ: ਬੀ.ਡੀ.ਐਸ. (ਫੈਸ਼ਨ ਸੰਚਾਰ) ਬੀ.ਏ. (ਆਨਰਜ਼) (ਫੈਸ਼ਨ ਮੀਡੀਆ ਕਮਿਊਨੀਕੇਸ਼ਨ) ਵਿੱਦਿਅਕ ਯੋਗਤਾ- ਇਸ ਕੋਰਸ ਲਈ ਯੋਗ ਬਣਨ ਲਈ ਘੱਟੋ-ਘੱਟ ਯੋਗਤਾ 10+2 ਪਾਸ ਹੈ। ਕਦਮ 3 ਫੈਸ਼ਨ ਜਰਨਲਿਜ਼ਮ ਦੇ ਡੂੰਘੇ ਪਹਿਲੂਆਂ ਨੂੰ ਜਾਣਨ ਦੇ ਇੱਛੁਕ ਉਮੀਦਵਾਰ ਸਬੰਧਤ ਵਿਸ਼ੇ ਵਿੱਚ ਹੋਰ ਮਾਸਟਰ ਡਿਗਰੀ ਲਈ ਜਾ ਸਕਦੇ ਹਨ। ਫੈਸ਼ਨ ਕਮਿਊਨੀਕੇਸ਼ਨ ਵਿੱਚ ਮਾਸਟਰਜ਼ ਵਾਂਗ। ਇਹ ਉਨ੍ਹਾਂ ਦੇ ਕਰੀਅਰ ਦੀਆਂ ਸੰਭਾਵਨਾਵਾਂ ਨੂੰ ਵੀ ਵਧਾਉਂਦਾ ਹੈ। ਗ੍ਰੈਜੂਏਸ਼ਨ ਅਤੇ ਮਾਸਟਰਸ ਪੱਧਰ ਦੋਵਾਂ ਵਿੱਚ ਪਤਲੇ ਵਿਸ਼ਿਆਂ ਵਿੱਚ ਡਿਗਰੀਆਂ ਪ੍ਰਦਾਨ ਕਰਨ ਵਾਲੀਆਂ ਬਹੁਤ ਸਾਰੀਆਂ ਸੰਸਥਾਵਾਂ ਹਨ। ਵਿੱਦਿਅਕ ਯੋਗਤਾ- ਉਮੀਦਵਾਰਾਂ ਨੇ ਆਪਣੀ ਗ੍ਰੈਜੂਏਸ਼ਨ ਪਾਸ ਕੀਤੀ ਹੋਣੀ ਚਾਹੀਦੀ ਹੈਫੈਸ਼ਨ ਪੱਤਰਕਾਰੀ ਅਤੇ ਇਸ ਨਾਲ ਸਬੰਧਤ ਵਿਸ਼ਿਆਂ ਨਾਲ। ਫੈਸ਼ਨ ਜਰਨਲਿਸਟ ਨੌਕਰੀ ਦਾ ਵੇਰਵਾ ਫੈਸ਼ਨ ਪੱਤਰਕਾਰ ਫੈਸ਼ਨ ਮੈਗਜ਼ੀਨਾਂ, ਕਿਤਾਬਾਂ, ਟੈਲੀਵਿਜ਼ਨ, ਵੈੱਬਸਾਈਟਾਂ, ਬਲੌਗ ਅਤੇ ਅਖਬਾਰਾਂ ਦੇ ਜੀਵਨ ਸ਼ੈਲੀ ਦੇ ਭਾਗਾਂ ਲਈ ਸੰਪਾਦਕੀ ਤਿਆਰ ਕਰਨ ਲਈ ਜ਼ਿੰਮੇਵਾਰ ਹੁੰਦੇ ਹਨ। ਜ਼ਿਆਦਾਤਰ ਫੈਸ਼ਨ ਪੱਤਰਕਾਰ ਡਿਜ਼ਾਈਨ ਫਰਮਾਂ ਦੇ ਬਾਹਰੀ ਮੀਡੀਆ ਵਿਭਾਗਾਂ ਲਈ ਕੰਮ ਕਰਦੇ ਹਨ। ਹਾਲਾਂਕਿ, ਕੁਝ ਫ੍ਰੀਲਾਂਸ ਲੇਖਕ ਬਣਨ ਦੀ ਚੋਣ ਕਰਦੇ ਹਨ. ਫੈਸ਼ਨ ਜਰਨਲਿਸਟ ਕਰੀਅਰ ਦੀਆਂ ਸੰਭਾਵਨਾਵਾਂ ਫੈਸ਼ਨ ਜਰਨਲਿਸਟ ਦਾ ਕੰਮ ਬ੍ਰਾਂਡਾਂ ਅਤੇ ਸਟਾਈਲਾਂ, ਫੈਸ਼ਨ ਰੁਝਾਨਾਂ ਨਾਲ ਸਬੰਧਤ ਕਿਸੇ ਵੀ ਚੀਜ਼ ਬਾਰੇ ਲਿਖਣਾ ਅਤੇ ਸਹੀ ਸ਼ਬਦਾਵਲੀ, ਰੁਝਾਨਾਂ, ਫੈਬਰਿਕ ਅਤੇ ਸ਼ੈਲੀਆਂ ਨਾਲ ਘਟਨਾਵਾਂ ਦੀ ਸਮੀਖਿਆ ਕਰਨਾ ਅਤੇ ਕਵਰ ਕਰਨਾ ਹੈ। ਇੱਕ ਫੈਸ਼ਨ ਪੱਤਰਕਾਰ ਵਜੋਂ, ਕੋਈ ਇੱਕ ਪ੍ਰਕਾਸ਼ਨ ਘਰ ਵਿੱਚ ਇੱਕ ਫ੍ਰੀਲਾਂਸਰ ਜਾਂ ਇੱਕ ਸਟਾਫ ਲੇਖਕ ਵਜੋਂ ਕੰਮ ਕਰਨਾ ਚੁਣ ਸਕਦਾ ਹੈ। ਵਿਅਕਤੀਆਂ ਦੀਆਂ ਸ਼ਕਤੀਆਂ ਅਤੇ ਹਿੱਤਾਂ ਅਤੇ ਫੈਸ਼ਨ ਪੱਤਰਕਾਰਾਂ ਨੂੰ ਨਿਯੁਕਤ ਕਰਨ ਵਾਲੇ ਪ੍ਰਕਾਸ਼ਨਾਂ 'ਤੇ ਨਿਰਭਰ ਕਰਦੇ ਹੋਏ, ਇਸ ਖੇਤਰ ਵਿੱਚ ਕਈ ਕਰੀਅਰ ਮਾਰਗ ਉਪਲਬਧ ਹਨ। ਉਹ ਟੈਲੀਵਿਜ਼ਨ ਅਤੇ ਇੰਟਰਨੈੱਟ 'ਤੇ ਫੈਸ਼ਨ ਆਲੋਚਨਾ ਅਤੇ ਟਿੱਪਣੀ ਪ੍ਰੋਗਰਾਮਾਂ ਵਿੱਚ ਰੁਜ਼ਗਾਰ ਦੀ ਮੰਗ ਕਰ ਸਕਦੇ ਹਨ। ਉਹ ਰੈਂਪ ਅਤੇ ਰੈੱਡ ਕਾਰਪੇਟ 'ਤੇ ਨਵੀਨਤਮ ਫੈਸ਼ਨ ਦੀ ਸਮੀਖਿਆ ਕਰਨ ਅਤੇ ਰਿਪੋਰਟ ਕਰਨ ਲਈ ਵੀ ਆਪਣਾ ਹੱਥ ਅਜ਼ਮਾ ਸਕਦੇ ਹਨ। ਫੈਸ਼ਨ ਪੱਤਰਕਾਰ ਦੀ ਤਨਖਾਹ ਫੈਸ਼ਨ ਜਰਨਲਿਸਟ, ਸ਼ੁਰੂ ਵਿੱਚ, ਲਗਭਗ ਰੁਪਏ ਦੇ ਤਨਖਾਹ ਪੈਕੇਜ ਦੀ ਉਮੀਦ ਕਰ ਸਕਦਾ ਹੈ। 2,00,000 ਜਾਂ ਇਸ ਤੋਂ ਵੱਧ ਪ੍ਰਤੀ ਸਾਲ। ਤਜਰਬਾ ਹਾਸਲ ਕਰਨ ਲਈ, ਉਹਨਾਂ ਦਾ ਮਿਹਨਤਾਨਾ ਵਧਣ ਦੀ ਸੰਭਾਵਨਾ ਹੈ, ਕੰਮ ਦੀ ਗੁਣਵੱਤਾ 'ਤੇ ਨਿਰਭਰ ਕਰਦੇ ਹੋਏ, ਸੁੰਦਰ ਲਾਭਾਂ ਅਤੇ ਪ੍ਰੋਤਸਾਹਨ ਦੇ ਰੂਪ ਵਿੱਚ ਇਨਾਮ. ਕਿਸੇ ਦੀ ਗਤੀ ਅਤੇ ਸਹੂਲਤ ਦੇ ਅਨੁਸਾਰ ਇੱਕ ਫ੍ਰੀਲਾਂਸਰ ਵਜੋਂ ਕੰਮ ਕਰਨ ਦੀ ਚੋਣ ਕਰਨਾ ਇੱਕ ਹੋਰ ਵਧੀਆ ਵਿਕਲਪ ਹੈ।


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**


# ਆਓ ! ਜੰਗਲਾਂ ਨੂੰ ਅੱਗ ਲੱਗਣ ਤੋਂ ਬਚਾਈਏ

ਅੱਜ ਕੱਲ ਗਰਮੀ ਦਾ ਮੌਸਮ ਚੱਲ ਰਿਹਾ ਹੈ ਅਤੇ ਤਾਪਮਾਨ ਵੀ ਆਪਣੇ ਸਿਖਰਾਂ 'ਤੇ ਹੈ । ਹਰ ਜੀਵ - ਜੰਤੂ ਤੇ ਪ੍ਰਾਣੀ ਗਰਮੀ ਤੋਂ ਪ੍ਰਭਾਵਿਤ ਹੋਇਆ ਪਿਆ ਹੈ । ਅਜਿਹੇ ਸਮੇਂ ਵਿੱਚ ਜੰਗਲਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਅਕਸਰ ਵਾਪਰਨ ਦਾ ਖਦਸ਼ਾ ਰਹਿੰਦਾ ਹੈ , ਜੋ ਕਿ ਬਹੁਤ ਹੀ ਮੰਦਭਾਗਾ ਵਰਤਾਰਾ ਹੈ ; ਕਿਉਂਕਿ ਜੰਗਲਾਂ ਨੂੰ ਅੱਗ ਲੱਗਣ ਨਾਲ ਜਿੱਥੇ ਤਾਪਮਾਨ ਵਿੱਚ ਹੋਰ ਜ਼ਿਆਦਾ ਵਾਧਾ ਹੋ ਜਾਂਦਾ ਹੈ , ਉੱਥੇ ਹੀ ਅੱਗ ਲੱਗਣ ਨਾਲ ਕਈ ਜ਼ਹਿਰੀਲੀਆਂ ਗੈਸਾਂ ਪੈਦਾ ਹੁੰਦੀਆਂ ਹਨ , ਕੁਦਰਤ ਦਾ ਨੁਕਸਾਨ ਹੁੰਦਾ ਹੈ ਤੇ ਨਾਲ ਹੀ ਕਈ ਤਰ੍ਹਾਂ ਦੀਆਂ ਜੀਵ - ਜੰਤੂਆਂ ਦੀਆਂ ਨਸਲਾਂ ਇਸ ਤੋਂ ਪ੍ਰਭਾਵਿਤ ਹੁੰਦੀਆਂ ਹਨ। ਜੰਗਲਾਂ ਨੂੰ ਅਚਾਨਕ ਅੱਗ ਲੱਗਣ ਨਾਲ ਕਈ ਤਰ੍ਹਾਂ ਦੇ ਪੇੜ - ਪੌਦਿਆਂ ਨੂੰ ਭਾਰੀ ਨੁਕਸਾਨ ਹੁੰਦਾ ਹੈ । ਇੱਥੇ ਨਿਵਾਸ ਕਰਨ ਵਾਲੇ ਜੀਵ - ਜੰਤੂਆਂ ਨੂੰ ਵੀ ਮੌਤ ਦੇ ਮੂੰਹ ਵਿੱਚ ਜਾਣਾ ਪੈਂਦਾ ਹੈ ਅਤੇ ਕਈ ਤਰ੍ਹਾਂ ਦੀਆਂ ਦੁਰਗਮ ਪਰਸਥਿਤੀਆਂ ਦਾ ਸਾਹਮਣਾ ਮਜਬੂਰੀ ਵੱਸ ਕਰਨਾ ਪੈਂਦਾ ਹੈ । ਕਈ ਵਾਰ ਜਾਨੀ - ਮਾਲੀ ਨੁਕਸਾਨ ਵੀ ਹੋ ਜਾਂਦਾ ਹੈ ਅਤੇ ਲੋਕਾਂ ਦੇ ਘਰ ਅੱਗ ਨਾਲ ਤਬਾਹ ਹੋ ਜਾਂਦੇ । ਜੰਗਲ , ਸੁੱਕੇ ਨਾੜ , ਸੁੱਕੇ ਦਰੱਖਤਾਂ, ਬੂਟਿਆਂ , ਝਾੜੀ ਬੂਟੀਆਂ ਆਦਿ ਨੂੰ ਅੱਗ ਲੱਗਣ ਨਾਲ ਬਹੁਤੇਰੇ ਜੀਵ - ਜੰਤੂ ਨਾ ਚਾਹੁੰਦੇ ਹੋਏ ਵੀ ਮੌਤ ਦੇ ਮੂੰਹ ਵਿੱਚ ਚਲੇ ਜਾਂਦੇ ਹਨ ਅਤੇ ਬਹੁਤ ਹੀ ਦੁੱਖ ਭਰੀ ਗੱਲ ਤਾਂ ਇਹ ਹੁੰਦੀ ਹੈ ਕਿ ਇਨ੍ਹਾਂ ਜੀਵ - ਜੰਤੂਆਂ , ਪੰਛੀ - ਪਰਿੰਦਿਆਂ ਦੇ ਅੰਡੇ ਜਾਂ ਛੋਟੇ - ਛੋਟੇ ਅੰਡਿਆਂ ਵਿੱਚੋਂ ਨਿਕਲੇ ਬੱਚੇ ਜਿਨ੍ਹਾਂ ਨੇ ਅਜੇ ਜ਼ਿੰਦਗੀ ਦੇ ਕੁਝ ਪਲ ਹੀ ਦੇਖੇ ਹੁੰਦੇ ਹਨ , ਉਨ੍ਹਾਂ ਉੱਤੇ ਅੱਗ ਮੌਤ ਦਾ ਕਹਿਰ ਵਰਾਉਂਦੀ ਹੋਈ ਆਉਂਦੀ ਹੈ ਅਤੇ ਇਹ ਕੋਮਲ , ਨਾਜ਼ੁਕ , ਬੇ ਆਸਰਾ , ਲਾਚਾਰ ਤੇ ਪ੍ਰੇਸ਼ਾਨ ਛੋਟੇ - ਛੋਟੇ ਪੰਛੀ ਪਰਿੰਦੇ ਅਤੇ ਜੀਵ - ਜੰਤੂਆਂ ਦੇ ਬੱਚੇ ਅਤੇ ਜੀਵ - ਜੰਤੂ ਲੱਗੀ ਹੋਈ ਅੱਗ ਵਿੱਚ ਦੇਖਦੇ ਹੀ ਦੇਖਦੇ ਮਿੰਟਾਂ - ਸਕਿੰਟਾਂ ਵਿੱਚ ਇਸ ਤਰ੍ਹਾਂ ਜਲ ਜਾਂਦੇ ਹਨ , ਜਿਵੇਂ ਭੱਠੀ ਵਿੱਚ ਦਾਣੇ ਭੁੰਨ ਹੋ ਜਾਂਦੇ ਹਨ । ਸਾਡੇ ਵੱਡੇ - ਵਡੇਰਿਆਂ ਤੇ ਮਹਾਂਪੁਰਖਾਂ ਨੇ ਇਹ ਸਿੱਖਿਆ ਦਿੱਤੀ ਹੈ ਕਿ ਜਾਣ - ਬੁੱਝ ਕੇ ਜੰਗਲਾਂ , ਝਾੜੀਆਂ , ਬੂਟੀਆਂ , ਸੁੱਕੇ ਦਰਖਤਾਂ ਆਦਿ ਨੂੰ ਅੱਗ



ਲਗਾਉਣਾ ਕੇਵਲ ਪਾਪ ਹੀ ਨਹੀਂ , ਸਗੋਂ ਮਹਾਂਪਾਪ ਮਹਾਂਘੋਰ ਅਪਰਾਧ ਹੈ । ਜਿਸ ਦਾ ਖਮਿਆਜਾ ਕੁਦਰਤ ਵੱਲੋਂ ਮਨੁੱਖ ਨੂੰ ਭੁਗਤਣਾ ਹੀ ਪੈਂਦਾ ਹੈ । ਇਸ ਲਈ ਸਾਨੂੰ ਆਪਣੇ ਪੱਧਰ 'ਤੇ ਇਹ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਜੰਗਲਾਂ , ਜੜੀ , ਬੂਟੀਆਂ, ਝਾੜੀਆਂ , ਘਾਹ ਆਦਿ ਨੂੰ ਅੱਗ ਲੱਗਣ ਦੀ ਨੌਬਤ ਹੀ ਨਾ ਆਵੇ । ਸਾਨੂੰ ਆਪਣੇ ਖੇਤਾਂ ਦੇ ਵਿਅਰਥ ਘਾਹ - ਫੂਸ , ਨਾੜ ਆਦਿ ਨੂੰ ਵੀ ਜਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਜਾਂ ਥੋੜ੍ਹੀ - ਬਹੁਤੀ ਅੱਗ ਲਗਾਉਣ ਸਮੇਂ ਵੀ ਧਿਆਨ ਰੱਖਣਾ ਚਾਹੀਦਾ ਹੈ ਤਾਂ ਜੋ ਅੱਗ ਨਾ ਫੈਲੇ । ਕਈ ਵਾਰ ਸਾਡੇ ਖੇਤਾਂ ਵਿੱਚ ਜਾਂ ਵਣ ਸੰਪਦਾ ਦੇ ਨੇੜੇ ਜਾਂ ਸੁੱਕੇ ਘਾਹ - ਫੂਸ ਦੇ ਕੋਲ ਕਈ ਵਾਰ ਬਿਜਲੀ ਦੀਆਂ ਤਾਰਾਂ ਵਿੱਚੋਂ ਰੌਸ਼ਨੀ ਨਿਕਲਦੀ ਨਜ਼ਰ ਆਉਂਦੀ ਹੈ ਜਾਂ ਬਿਜਲੀ ਦੀਆਂ ਤਾਰਾਂ ਵਿੱਚ ਕੁਝ ਹੋਰ ਨੁਕਸ ਨਜ਼ਰ ਆਉਂਦਾ ਹੈ ਤਾਂ ਸਾਨੂੰ ਫੌਰੀ ਤੌਰ 'ਤੇ ਇਸ ਸੰਬੰਧੀ ਸੰਬੰਧਿਤ ਵਿਭਾਗ ਨੂੰ ਜਾਂ ਆਪਣੇ ਆਲੇ - ਦੁਆਲੇ ਦੇ ਲੋਕਾਂ ਨੂੰ ਸੂਚਿਤ ਕਰ ਦੇਣਾ ਚਾਹੀਦਾ ਹੈ । ਆਪਣੇ ਮਨ ਦੀਆਂ ਭਾਵਨਾਵਾਂ ਅਨੁਸ-ਾਰ ਅਸੀਂ ਕਈ ਵਾਰ ਖੇਤਾਂ ਵਿੱਚ ਖੂਹਾਂ 'ਤੇ ਜਾਂ ਖੇਤਾਂ ਵਿੱਚ ਬਣਾਏ ਹੋਏ ਧਾਰਮਿਕ ਅਸਥਾਨਾਂ 'ਤੇ ਦੀਵੇ ਜਾਂ ਧੂਪ ਆਦਿ ਜਗਾ ਦਿੰਦੇ ਹਾਂ , ਜੋ ਕਿ ਬਾਅਦ ਵਿੱਚ ਤੇਜ਼ ਹਨੇਰੀ ਚੱਲਣ ਆਦਿ ਨਾਲ ਆਲੇ - ਦੁਆਲੇ ਦੇ ਖੇਤਰ ਵਿੱਚ ਅੱਗ ਲੱਗਣ ਦਾ ਕਾਰਨ ਬਣ ਸਕਦਾ ਹੈ । ਇਸ ਬਾਰੇ ਵੀ ਜੇਕਰ ਅਸੀਂ ਥੋੜ੍ਹਾ ਧਿਆਨ ਰੱਖੀਏ ਤਾਂ ਕੋਈ ਵੀ ਮੰਦਭਾਗੀ ਘਟਨਾ ਨਹੀਂ ਵਾਪਰ ਸਕੇਗੀ । ਇਸ ਤੋਂ ਇਲਾਵਾ ਜੇਕਰ ਅਜਿਹੀ ਮੰਦਭਾਗੀ ਘਟਨਾ ਵਾਪਰਦੀ ਹੈ ਤਾਂ ਸਾਡੇ ਕੋਲ ਪਾਣੀ ਦਾ ਪ੍ਰਬੰਧ ਹੋਣਾ ਚਾਹੀਦਾ ਹੈ ਅਤੇ ਫਾਇਰ ਬ੍ਰਿਗੇਡ ਆਦਿ ਦਾ ਸੰਪਰਕ ਨੰਬਰ ਵੀ ਆਪਣੇ ਕੋਲ ਰੱਖਣਾ ਚਾਹੀਦਾ ਹੈ , ਤਾਂ ਜੋ ਮਾਨਵਤਾ ਦਿਖਾਉਂਦੇ ਹੋਏ ਅਸੀਂ ਬੇਲੋੜੀ ਲੱਗਣ ਵਾਲੀ ਅੱਗ ਤੋਂ ਆਪਣਾ , ਵਾਤਾਵਰਣ ਅਤੇ ਇਨ੍ਹਾਂ ਪੰਛੀ -ਪਰਿੰਦਿਆਂ ਅਤੇ ਜੀਵ - ਜੰਤੂਆਂ ਦਾ ਬਚਾਅ ਕਰ ਸਕੀਏ । ਇਸ ਵਿੱਚ ਹੀ ਸਾਡਾ ਤੇ ਵਾਤਾਵਰਨ ਦਾ ਭਲਾ ਹੋ ਸਕਦਾ ਹੈ । ਇਸ ਤੋਂ ਇਲਾਵਾ ਜੇਕਰ ਅਸੀਂ ਛੋਟੀਆਂ - ਛੋਟੀਆਂ ਗੱਲਾਂ ਦਾ ਧਿਆਨ ਰੱਖੀਏ ਤਾਂ ਵੀ ਸਾਡੇ ਆਲੇ - ਦੁਆਲੇ , ਜੰਗਲ , ਬੂਟੀ , ਆਦਿ ਨੂੰ ਅੱਗ ਲੱਗਣ ਤੋਂ ਬਚਾਇਆ ਜਾ ਸਕਦਾ ਹੈ। ਜਿਵੇਂ ਕਿ ਬੀੜੀ , ਸਿਗਰਟ ਆਦਿ ਪੀਣ ਵਾਲੇ ਵਿਅਕਤੀਆਂ ਨੂੰ ਚਾਹੀਦਾ ਹੈ ਕਿ ਉਹ ਬੀੜੀ - ਸਿਗਰਟ ਦਾ ਉਪਯੋਗ ਕਰਨ ਸਮੇਂ ਮਾਚਿਸ ਦੀ ਤੀਲੀ ਆਦਿ ਨੂੰ ਚੰਗੀ ਤਰ੍ਹਾਂ ਬੁਝਾ ਕੇ ਹੀ ਸੁੱਟਣ ਅਤੇ ਬੀੜੀ - ਸਿਗਰਟ ਦੀ ਵਰਤੋਂ ਕਰਨ ਤੋਂ ਬਾਅਦ ਉਸ ਨੂੰ ਚੰਗੀ ਤਰ੍ਹਾਂ ਬੁਝਾ ਕੇ ਹੀ ਸੁੱਟਣ। ਜਿਹੜੇ ਘਰਾਂ ਵਿੱਚ , ਹੋਟਲਾਂ , ਢਾਬਿਆਂ , ਦੁਕਾਨਾਂ ਆਦਿ ਵਿੱਚ ਕੋਲੇ, ਪੱਥਰ ਦੇ ਕੋਲੇ ਜਾਂ ਲੱਕੜ ਦੇ ਬਾਲਣ ਦਾ ਪ੍ਰਯੋਗ ਹੁੰਦਾ ਹੈ, ਉਨ੍ਹਾਂ ਨੂੰ ਇਹ ਧਿਆਨ ਰੱਖਣਾ ਬਣਦਾ ਹੈ ਕਿ ਗਰਮੀਆਂ ਵਿੱਚ ਹਨੇਰੀਆਂ ਕਾਫੀ ਆਉਂਦੀਆਂ ਹਨ , ਇਸ ਲਈ ਉਹ ਲੱਕੜ ਦੀ ਅੱਗ, ਕੋਲਿਆਂ ਦੀ ਅੱਗ ਨੂੰ ਉਪਯੋਗ ਕਰਨ ਤੋਂ ਬਾਅਦ ਚੰਗੀ ਤਰ੍ਹਾਂ ਢੱਕ ਕੇ ਰੱਖਣ ਖਾਸ ਤੌਰ 'ਤੇ ਰਾਤ ਨੂੰ , ਤਾਂ ਜੋ ਹਨੇਰੀ ਆਦਿ ਆਉਣ ਦੀ ਸੂਰਤ ਵਿੱਚ ਇਹ ਅੱਗ ਉੱਡ ਕੇ ਨੇੜੇ - ਤੇੜੇ ਜੰਗਲ , ਬੂਟੀ , ਘਾਹ ਜਾਂ ਕਿਸੇ ਦੀ ਝੁੱਗੀ - ਝੌਂਪੜੀ , ਕੁੱਪ , ਕੁੰਨੂੰ ਆਦਿ ਨੂੰ ਨੁਕਸਾਨ ਨਾ ਪਹੁੰਚਾ ਸਕੇ। ਇਸ ਤੋਂ ਇਲਾਵਾ ਆਪਣੇ ਆਲੇ - ਦੁਆਲੇ ਘਾਹ - ਬੂਟੀ ਆਦਿ ਨੂੰ ਸਾਫ਼ - ਸਫ਼ਾਈ ਦੇ ਤੌਰ 'ਤੇ ਅੱਗ ਲਗਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ; ਕਿਉਂਕਿ ਗਰਮੀਆਂ ਦੇ ਦਿਨਾਂ ਵਿੱਚ ਸਾਫ਼ - ਸਫ਼ਾਈ ਦੇ ਤੌਰ 'ਤੇ ਲਗਾਈ ਹੋਈ ਅੱਗ ਕਦੋਂ ਅਚਾਨਕ ਫੈਲ ਜਾਵੇ ਇਸ ਦਾ ਪਤਾ ਹੀ ਨਹੀਂ ਚੱਲਦਾ। ਸੋ ਬਿਹਤਰ ਇਹੋ ਹੋਵੇਗਾ ਕਿ ਕਿਸੇ ਵੀ ਦੁਰਘਟਨਾ ਲਈ ਦੂਸਰੇ ਨੂੰ ਜ਼ਿੰਮੇਵਾਰ ਠਹਿਰਾਉਣ ਤੋਂ ਪਹਿਲਾਂ ਅਸੀਂ ਆਪ ਸੁਚੇਤ ਹੋ ਜਾਈਏ ਅਤੇ ਉਸ ਦੇ ਬਚਾਅ ਦੇ ਲਈ ਯਥਾਸੰਭਵ ਉਪਰਾਲੇ ਕਰੀਏ ਅਤੇ ਮਾਨਵਤਾ ਧਰਮ ਨਿਭਾਈਏ । ਇਹੋ ਇਨਸਾਨੀਅਤ ਹੈ ਤੇ ਇਹੋ ਕੁਦਰਤ ਨਾਲ ਸੱਚਾ ਪਿਆਰ ਹੈ ।



ਸਟੇਟ ਐਵਾਰਡੀ
ਮਾਸਟਰ ਸੰਜੀਵ ਧਰਮਾਣੀ

# ਅਮਨ ਅਰੋੜਾ ਵੱਲੋਂ ਬੋਰਡ ਪ੍ਰੀਖਿਆਵਾਂ ਵਿੱਚ ਮੱਲ੍ਹਾਂ ਮਾਰਨ ਵਾਲੇ 300 ਵਿਦਿਆਰਥੀ ਸਨਮਾਨਿਤ

## ਮੈਰਿਟ ਹਾਸਲ ਕਰਨ ਵਾਲੇ 5 ਹੋਣਹਾਰ ਵਿਦਿਆਰਥੀਆਂ ਨੂੰ 5100-5100 ਰੁਪਏ ਦੇ ਨਗਦ ਪੁਰਸਕਾਰ ਦਿੱਤੇ



ਚੰਡੀਗੜ੍ਹ, 30 ਮਈ (ਪੋਸਟ ਬਿਊਰੋ): ਵਿਧਾਨ ਸਭਾ ਹਲਕਾ ਸੁਨਾਮ ਵਿੱਚ ਇੱਕ ਹੋਰ ਨਿਵੇਕਲੀ ਪਿਰਤ ਪਾਉਂਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਹਲਕੇ ਦੇ ਸਰਕਾਰੀ ਸਕੂਲਾਂ ਦੇ ਬੋਰਡ ਪ੍ਰੀਖਿਆਵਾਂ ਵਿੱਚ ਮੈਰਿਟ ਹਾਸਲ ਕਰਨ ਵਾਲੇ ਪੰਜ ਹੋਣਹਾਰ ਵਿਦਿਆਰਥੀਆਂ ਸਮੇਤ ਪੰਜਵੀਂ, ਅੱਠਵੀਂ, ਦਸਵੀਂ ਅਤੇ ਸੀਨੀਅਰ ਸੈਕੰਡਰੀ ਪੱਧਰ ਦੀਆਂ ਪ੍ਰੀਖਿਆ ਵਿੱਚ ਸਕੂਲ ਵਿੱਚੋਂ ਪਹਿਲੀ ਪੁਜੀਸ਼ਨ ਹਾਸਲ ਕਰਨ ਵਾਲੇ 300 ਦੇ ਕਰੀਬ ਵਿਦਿਆਰਥੀਆਂ ਦਾ ਸਨਮਾਨ ਕੀਤਾ।

ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਦੇ ਆਡੀਟੋਰੀਅਮ ਵਿਖੇ ਵਿਦਿਆਰਥੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ ਅਤੇ ਦ੍ਰਿੜਤਾ ਨਾਲ ਮੈਰਿਟ ਵਿੱਚ ਨਾਮ ਦਰਜ ਕਰਵਾ ਕੇ ਇੱਕ ਮਿਸਾਲ ਕਾਇਮ ਕੀਤੀ ਹੈ ਜਿਸ ਤੋਂ ਹੋਰਨਾਂ ਨੂੰ ਵੀ ਸੇਧ ਲੈਣ ਦੀ ਲੋੜ ਹੈ। ਜ਼ਿਕਰਯੋਗ ਹੈ ਕਿ ਪਹਿਲੀ ਵਾਰ ਏਨੀ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ ਹੈ।

ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਵਿਸ਼ਵ ਪੱਧਰ ਦੀਆਂ ਵਿਦਿਅਕ ਸੁਵਿਧਾਵਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਸਾਰਥਕ ਕਦਮ ਪੁੱਟ ਰਹੀ ਹੈ ਅਤੇ ਸਾਡੀ ਸਰਕਾਰ ਇਸ ਟੀਚੇ ਨੂੰ ਸਾਕਾਰ ਕਰਨ ਲਈ ਕੰਮ ਕਰ ਰਹੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਸਰਕਾਰੀ ਸਕੂਲ ਹਰ ਪੱਖੋਂ ਪ੍ਰਾਈਵੇਟ ਸਕੂਲਾਂ ਨਾਲੋਂ ਬਿਹਤਰ ਸਾਬਤ ਹੋਣ। ਉਨ੍ਹਾਂ ਕਿਹਾ ਕਿ ਇਹ ਤੱਥ ਸਾਹਮਣੇ ਆ ਚੁੱਕੇ ਹਨ ਕਿ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਪ੍ਰਤੀਸ਼ਤਤਾ ਵਿੱਚ ਇਸ ਸਾਲ ਕਾਫ਼ੀ ਵਾਧਾ ਹੋਇਆ ਹੈ।

ਸਮਾਗਮ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੈਰਿਟ ਵਿੱਚ ਆਏ 5 ਹੋਣਹਾਰ ਵਿਦਿਆਰਥੀਆਂ ਨੂੰ 5100-5100 ਰੁਪਏ ਦੀ ਨਕਦ ਰਾਸ਼ੀ, ਯਾਦਗਾਰੀ ਚਿੰਨ੍ਹ ਤੇ ਮੈਰਿਟ ਸਰਟੀਫਿਕੇਟ ਪ੍ਰਦਾਨ ਕਰਨ ਦੇ ਨਾਲ ਨਾਲ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਪੰਜਵੀਂ, ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤ ਵਿੱਚ ਪਹਿਲੀ ਪੁਜੀਸ਼ਨ 'ਤੇ ਆਏ ਵਿਦਿਆਰਥੀਆਂ ਨੂੰ ਹੌਂਸਲਾ ਅਫਜਾਈ ਵਜੋਂ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਖੁਸ਼ੀ ਗੁਪਤਾ ਅਤੇ ਮਲਕੀਤ ਕੌਰ ਨੇ ਅੱਠਵੀਂ, ਨਿਮਨਦੀਪ ਕੌਰ ਤੇ ਲਵਲੀਸ਼ ਨੇ ਦਸਵੀਂ ਅਤੇ ਸਿਮਰਜੀਤ ਕੌਰ ਨੇ ਬਾਰਵੀਂ ਵਿੱਚੋ ਮੈਰਿਟ ਵਿਚ ਆਉਣ ਦਾ ਮਾਣ ਪ੍ਰਾਪਤ ਕੀਤਾ ਹੈ।

ਅਮਨ ਅਰੋੜਾ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਵਿੱਚ ਹੁਨਰ ਦੀ ਕੋਈ ਕਮੀ ਨਹੀਂ ਹੈ ਅਤੇ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਉਸਾਰੂ ਵਿਦਿਅਕ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਾਨ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਬਹੁ ਪੱਖੀ ਵਿਕਾਸ ਨੂੰ ਤਰਜੀਹ ਦੇ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਇਨ੍ਹਾਂ ਅਣਤਰਾਸ਼ੇ ਹੀਰਿਆਂ ਨੂੰ ਤਰਾਸ਼ ਕੇ ਭਵਿੱਖ ਵਿੱਚ ਸੁਨਹਿਰੀ ਸੁਫਨਿਆਂ ਨੂੰ ਸਾਕਾਰ ਕਰਨ ਦੇ ਸਮਰੱਥ ਬਣਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਹੋਣਹਾਰ ਬੱਚਿਆਂ ਨਾਲ ਯਾਦਗਾਰੀ ਤਸਵੀਰਾਂ ਖਿਚਵਾਉਂਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਸੁਨਹਿਰੀ ਮੌਕਿਆਂ ਦਾ ਵੱਡਾ ਆਸਮਾਨ ਹੈ ਅਤੇ ਵਿਦਿਆਰਥੀ ਲਗਾਤਾਰ ਮਿਹਨਤ ਦੇ ਰਾਹ 'ਤੇ ਤੁਰਦੇ ਹੋਏ ਇਨ੍ਹਾਂ ਮੌਕਿਆਂ ਨੂੰ ਸਫ਼ਲਤਾ ਦੇ ਰੂਪ ਵਿੱਚ ਤਬਦੀਲ ਕਰਨ ਦੇ ਸਮਰੱਥ ਬਣ ਸਕਦੇ ਹਨ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸੰਜੀਵ ਕੁਮਾਰ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸਕੂਲੀ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਧੰਨਵਾਦ ਕੀਤਾ।

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਮੁੱਖ ਮੰਤਰੀ ਝੂਠ ਬੋਲਣ ਅਤੇ ਪੰਜਾਬੀਆਂ ਨੂੰ ਧੋਖਾ ਦੇਣ ਤੋਂ ਗੁਰੇਜ਼ ਕਰਨ : ਅਕਾਲੀ ਦਲ

ਚੰਡੀਗੜ੍ਹ, 30 ਮਈ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਖਿਆ ਕਿ ਉਹ ਝੂਠ ਬੋਲਣ ਅਤੇ ਪੰਜਾਬੀਆਂ ਨੂੰ ਧੋਖਾ ਦੇਣਾ ਬੰਦ ਕਰਨ ਅਤੇ ਉਸ ਕੰਮ ਦਾ ਸਿਹਰਾ ਲੈਣ ਦੀ ਕੋਸ਼ਿਸ਼ ਨਾ ਕਰਨ ਜੋ ਪਹਿਲਾਂ ਹੀ ਹੋ ਚੁੱਕਾ ਹੈ ਤੇ ਪਾਰਟੀ ਨੇ ਉਹਨਾਂ ਨੂੰ ਚੇਤੇ ਕਰਵਾਇਆ ਕਿ ਜ਼ਮੀਨੀ ਰਿਕਾਰਡ ਤਾਂ ਪਹਿਲਾਂ ਹੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਵੇਲੇ ਕੰਪਿਊਟ੍ਰੀਕ੍ਰਿਤ ਹੋ ਚੁੱਕੇ ਹਨ ਅਤੇ ਆਨਲਾਈਨ ਉਪਲਬਧ ਹਨ।

ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸੀਨੀਅਰ ਅਕਾਲੀ ਆਗੂ ਸਰਦਾਰ ਮਹੇਸ਼ਇੰਦਰ ਸਿੰਘ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਸਤੀ ਸ਼ੋਹਰਤ ਖੱਟਣ ਵਾਸਤੇ ਝੂਠ ਬੋਲ ਰਹੇ ਹਨ ਕਿ ਆਪ ਸਰਕਾਰ ਜ਼ਮੀਨੀ ਰਿਕਾਰਡ ਡਿਜ਼ੀਟਾਈਜ਼ ਕਰਨ ਜਾ ਰਹੀ ਹੈ ਤੇ ਇਹ ਆਨਲਾਈਨ ਉਪਲਬਧ ਹੋਣਗੇ ਜਦੋਂ ਕਿ ਇਹ ਪ੍ਰਕਿਰਿਆ 10 ਸਾਲ ਤੋਂ ਪਹਿਲਾਂ ਸ਼ੁਰੂ ਕੀਤੀ ਗਈ ਸੀ ਤੇ ਅਕਾਲੀ ਦਲ ਦੀ ਸਰਕਾਰ ਵੇਲੇ ਸੂਬੇ ਭਰ ਵਿਚ ਪੜਾਅਵਾਰ ਪੂਰੀ ਕੀਤੀ ਗਈ।

ਵੇਰਵੇ ਸਾਂਝੇ ਕਰਦਿਆਂ ਮਹੇਸ਼ਇੰਦਰ ਸਿੰਘ ਗਰੇਵਾਲ ਨੇ ਕਿਹਾ ਕਿ ਪੰਜਾਬ ਨੇ ਸਾਰੇ ਜ਼ਮੀਨੀ ਰਿਕਾਰਡ ਨੂੰ 2011 ਵਿਚ ਹੀ ਮੁਕੰਮਲ ਕਰ ਕੇ ਅਜਿਹਾ ਕਰਨ ਵਾਲਾ ਪਹਿਲਾ ਰਾਜ ਬਣਨ ਦਾ ਮਾਣ ਵੀ ਹਾਸਲ ਕੀਤਾ ਸੀ ਜਿਸਦੀ ਬਦੌਲਤ ਵਿਦੇਸ਼ਾਂ ਵਿਚ ਰਹਿੰਦੇ ਪੰਜਾਬੀ ਵੀ ਆਪਣੀ ਜ਼ਮੀਨ ਦਾ ਰਿਕਾਰਡ ਆਨਲਾਈਨ ਵੇਖ ਸਕਦੇ ਹਨਅਤੇ ਸਬੰਧਤ ਤਹਿਸੀਲਦਾਰ ਦੇ ਡਿਜੀਟਲ ਹਸਤਾਖ਼ਰਾਂ ਨਾਲ ਇਸਦੀ ਹਾਰਡ ਕਾਪੀ ਵੀ ਪ੍ਰਾਪਤ ਕਰ ਸਕਦੇ ਹਨ। ਉਹਨਾਂ ਕਿਹਾ ਕਿ ਜ਼ਮੀਨੀ ਰਿਕਾਰਡ ਵੈਬ 'ਤੇ ਪਾਉਣਾ ਅਕਾਲੀ ਦਲ ਦੀ ਅਗਵਾਈ ਵਾਲੀ ਸਰਕਾਰ ਦੀ ਵੱਡੀ ਪ੍ਰਾਪਤੀ ਸੀ ਤੇ 2012-17 ਦੀ ਸਰਕਾਰ ਵੇਲੇ ਇਸ ਪ੍ਰਣਾਲੀ ਵਿਚ ਹੋਰ ਸੁਧਾਰ ਕੀਤਾ ਗਿਆ ਤੇ ਸਰਕਾਰ ਦਾ ਕੰਟਰੋਲ ਘਟਾਇਆ ਗਿਆ ਤੇ ਮਾਲੀਆ ਅਧਿਕਾਰੀਆਂ ਦਾ ਅਧਿਕਾਰ ਖੇਤਰ ਵਧਾਇਆ ਗਿਆ।

ਸਰਦਾਰ ਗਰੇਵਾਲ ਨੇ ਮੁੱਖ ਮੰਤਰੀ ਨੂੰ ਕਿਹਾ ਕਿ ਇਹ ਸਭ ਅਕਾਲੀ ਦਲ ਦੀ ਅਗਵਾਈ ਵਾਲੀ ਸਰਕਾਰ ਦੀਆਂ ਪ੍ਰਾਪਤੀਆਂ ਹਨ। ਉਹਨਾਂ ਕਿਹਾ ਕਿ 54 ਨਾਗਰਿਕ ਕੇਂਦਰੀ ਸੇਵਾਵਾਂ ਈਸੇਵਾ ਕੇਂਦਰਾਂ ਦੀ ਸਕੀਮ ਰਾਹੀਂ ਇਕ ਛੱਤ ਥੱਲੇ ਉਪਲਬਧ ਸਨ ਅਤੇ ਲੋਕਾਂ ਨੂੰ ਰਾਈਟ ਟੂ ਸਰਵਿਸ ਐਕਟ ਰਾਹੀਂ ਇਹ ਸੇਵਾਵਾਂ ਮਿਲਣੀਆਂ ਯਕੀਨੀ ਬਣਾਈਆਂ ਗਈਆਂ ਸਨ।

ਗਰੇਵਾਲ ਨੇ ਮੁੱਖ ਮੰਤਰੀ ਨੂੰ ਕਿਹਾ ਕਿ ਅਕਾਲੀ ਦਲ ਨੇ ਜੋ ਚੰਗਾ ਕੰਮ ਕੀਤਾ ਸੀ, ਤੁਸੀਂ ਉਸਨੂੰ ਤੋੜਨ ਵਾਲਿਆਂ ਦੇ ਮੁਖੀ ਹੋ। ਤੁਸੀਂ ਸੇਵਾ ਕੇਂਦਰਾਂ ਨੂੰ ਬੰਦ ਕਰਨ ਨੂੰ ਤਰਜੀਹ ਦਿੱਤੀ ਤੇ ਫਿਰ ਇਹਨਾਂ 'ਤੇ ਕੂਚੀ ਫੇਰ ਕੇ ਇਹਨਾਂ ਨੂੰ ਮੁਹੱਲਾ ਕਲੀਨਿਕਾਂ ਵਿਚ ਤਬਦੀਲ ਕਰ ਦਿੱਤਾ। ਉਹਨਾਂ ਕਿਹਾ ਕਿ ਤੁਸੀਂ ਪਿੰਡਾਂ ਦੀਆਂ ਡਿਸਪੈਂਸਰੀਆਂ ਨੂੰ ਆਮ ਆਦਮੀ ਕਲੀਨਿਕਾਂ ਵਿਚ ਬਦਲ ਦਿੱਤਾ ਜੋ ਬਹੁਤ ਮਹਿੰਗਾ ਸਾਬਤ ਹੋਇਆ ਤੇ ਸੂਬੇ ਦੇ ਪਿੰਡਾਂ ਵਿਚ ਸਿਹਤ ਸੰਭਾਲ ਢਾਂਚਾ ਢਹਿ ਢੇਰੀ ਹੋ ਗਿਆ। ਇਸੇ ਤਰੀਕੇ ਸਿਰਫ ਪਬਲੀਸਿਟੀ ਦੀ ਖਾਤਰ ਤੁਸੀਂ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਬਣਾਏ ਮੈਰੀਟੋਰੀਅਸ ਸਕੂਲਾਂ ਦਾ ਨਾਂ ਬਦਲ ਕੇ ਸਕੂਲਜ਼ ਆਫ ਐਮੀਨੈਂਸ ਰੱਖ ਕੇ ਫਿਰ ਤੋਂ ਸਸਤੀ ਸ਼ੋਹਰਤ ਖੱਟਣ ਦਾ ਯਤਨ ਕੀਤਾ।

ਗਰੇਵਾਲ ਨੇ ਭਗਵੰਤ ਮਾਨ ਨੂੰ ਆਖਿਆ ਕਿ ਉਹ ਅਕਾਲੀ ਦਲ ਦੀਆਂ ਪਹਿਲਕਦਮੀਆਂ ਦੀ ਨਕਲ ਨਾ ਮਾਰਨ ਅਤੇ ਇਹਨਾਂ ਨੂੰ ਆਪਣੀਆਂ ਪ੍ਰਾਪਤੀਆਂ ਵਜੋਂ ਦਰਸਾ ਕੇ ਮਾਰਕੀਟਿੰਗ ਕਰਨ ਦਾ ਯਤਨ ਨਾ ਕਰਨ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਤੁਸੀਂ ਪੰਜਾਬੀਆਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿਚ ਅਸਫਲ ਰਹੇ ਹੋ। ਤੁਸੀਂ 750 ਕਰੋੜ ਰੁਪਏ ਦਾ ਇਸ਼ਤਿਹਾਰੀ ਬਜਟ ਰੱਖ ਕੇ ਰੋਜ਼ਾਨਾ ਆਧਾਰ 'ਤੇ ਸਸਤੀ ਸ਼ੋਹਰਤ ਹਾਸਲ ਕਰਨ ਦੀਆਂ ਲੂੰਬੜ ਚਾਲਾਂ ਚਲ ਰਹੇ ਹੋ ਅਤੇ ਪੰਜਾਬੀਆਂ ਨੂੰ ਗੁੰਮਰਾਹ ਕਰਨਾ ਚਾਹ ਰਹੇ ਹੋ ਕਿ ਤੁਸੀਂ ਸਭ ਕੁਝ ਬਦਲ ਦਿੱਤਾ ਜਦੋਂ ਕਿ ਜ਼ਮੀਨੀ ਪੱਧਰ 'ਤੇ ਕੋਈ ਤਬਦੀਲੀ ਨਹੀਂ ਹੋਈ।










## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜ਼ਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com







## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com



# ਅਮਰੀਕਾ 'ਚ ਚੱਲੀਆਂ ਗੋਲੀਆਂ, ਹਾਲੀਵੁੱਡ 'ਚ ਨਬਾਲਿਗ ਸਮੇਤ 9 ਲੋਕ ਜ਼ਖ਼ਮੀ




ਫਲੋਰਿਡਾ, 30 ਮਈ (ਪੋਸਟ ਬਿਊਰੋ):ਅਮਰੀਕਾ ਵਿੱਚ ਇੱਕ ਵਾਰ ਫਿਰ ਗੋਲੀਆਂ ਚੱਲੀਆਂ ਹਨ। ਮੀਡੀਆ ਰਿਪੋਰਟਾਂ ਮੁਤਾਬਕ ਮੈਮੋਰੀਅਲ ਡੇਅ 'ਤੇ ਫਲੋਰੀਡਾ ਦੇ ਹਾਲੀਵੁੱਡ ਬੀਚ 'ਤੇ ਭੀੜ 'ਤੇ ਗੋਲੀਬਾਰੀ ਕੀਤੀ ਗਈ, ਜਿਸ ਨਾਲ ਘੱਟੋ-ਘੱਟ 9 ਲੋਕ ਜ਼ਖਮੀ ਹੋ ਗਏ। ਸੀਬੀਐਸ ਮਿਆਮੀ ਦੀ ਰਿਪੋਰਟ ਅਨੁਸਾਰ, ਐਨ ਬ੍ਰੌਡਵਾਕ ਦੇ 1200 ਬਲਾਕ ਵਿੱਚ ਸੋਮਵਾਰ ਸ਼ਾਮ ਨੂੰ ਵਾਪਰੀ ਇਸ ਘਟਨਾ ਵਿੱਚ ਘੱਟੋ-ਘੱਟ ਤਿੰਨ ਨਾਬਾਲਗ ਜ਼ਖ਼ਮੀ ਹੋ ਗਏ। ਘਟਨਾ ਤੋਂ ਬਾਅਦ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਹਾਲੀਵੁੱਡ ਅਧਿਕਾਰੀਆਂ ਨੇ ਦੱਸਿਆ ਕਿ ਇਹ ਸਾਰਾ ਘਟਨਾਕ੍ਰਮ ਦੋ ਗੁੱਟਾਂ ਵਿਚਾਲੇ ਲੜਾਈ ਤੋਂ ਬਾਅਦ ਸ਼ੁਰੂ ਹੋਇਆ, ਜੋ ਗੋਲੀਬਾਰੀ ਤੋਂ ਬਾਅਦ ਖ਼ੂਨੀ ਝੜਪ 'ਚ ਬਦਲ ਗਿਆ। ਵੱਡੇ ਪੱਧਰ 'ਤੇ ਗੋਲੀਬਾਰੀ ਦੇ ਬਾਅਦ, ਹਾਲੀਵੁੱਡ ਪੁਲਿਸ ਵਿਭਾਗ ਨੇ ਕਿਹਾ, "ਕਿਰਪਾ ਕਰਕੇ ਗਾਰਫੀਲਡ ਸਟਰੀਟ ਅਤੇ ਬ੍ਰਾਡਵਾਕ 'ਤੇ ਜੌਹਨਸਨ ਰਾਹੀ ਗੱਡੀ ਚਲਾਉਣ ਤੋਂ ਬਚੋ ਕਿਉਂਕਿ ਹਾਲ ਹੀ ਵਿੱਚ ਹੋਈ ਗੋਲੀਬਾਰੀ ਦੀ ਜਾਂਚ ਜਾਰੀ ਹੈ। ਖੇਤਰ ਵਿੱਚ ਭਾਰੀ ਪੁਲਿਸ ਮੌਜੂਦਗੀ। ਜੇਕਰ ਤੁਹਾਡੇ ਪਰਿਵਾਰ ਦਾ ਕੋਈ ਮੈਂਬਰ ਦੁਬਾਰਾ ਮਿਲਣ ਦੀ ਕੋਸ਼ਿਸ਼ ਕਰ ਰਿਹਾ ਹੈ, ਅਸੀਂ ਜੌਨਸਨ ਸੇਂਟ ਅਤੇ ਐਨ ਓਸ਼ੀਅਨ ਬੱਸ ਲੂਪ ਵਿਖੇ ਇੱਕ ਰੀਯੂਨੀਅਨ ਖੇਤਰ ਸਥਾਪਤ ਕੀਤਾ ਹੈ।"ਇਸ ਦੌਰਾਨ ਪੰਜ ਜ਼ਖਮੀਆਂ ਦਾ ਮੈਮੋਰੀਅਲ ਰੀਜਨਲ ਹਸਪਤਾਲ ਦੇ ਟਰਾਮਾ ਸੈਂਟਰ ਵਿੱਚ ਇਲਾਜ ਕੀਤਾ ਜਾ ਰਿਹਾ ਹੈ। ਸਾਂਚੇਜ਼ ਨੇ ਕਿਹਾ, "ਇਹ ਇੱਕ ਗੰਭੀਰ ਸਥਿਤੀ ਹੈ, ਜ਼ਖਮੀਆਂ ਵਿੱਚੋਂ ਕੁਝ ਨਾਬਾਲਗ ਹਨ।"

# ਇਮਰਾਨ ਖਾਨ ਨੂੰ ਰਾਹਤ, ਅਦਾਲਤ ਨੇ ਘਰ ਦੀ ਤਲਾਸ਼ੀ 'ਤੇ ਲਗਾਈ ਪਾਬੰਦੀ



ਲਾਹੌਰ, 30 ਮਈ (ਪੋਸਟ ਬਿਊਰੋ): ਲਾਹੌਰ ਦੀ ਇਕ ਅੱਤਵਾਦ ਵਿਰੋਧੀ ਅਦਾਲਤ (ਏਟੀਸੀ) ਨੇ ਮੰਗਲਵਾਰ ਨੂੰ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੇ ਚੇਅਰਮੈਨ ਇਮਰਾਨ ਖਾਨ ਦੀ ਜ਼ਮਾਨ ਪਾਰਕ ਸਥਿਤ ਰਿਹਾਇਸ਼ 'ਤੇ ਤਲਾਸ਼ੀ ਵਾਰੰਟ ਨੂੰ 'ਅਵੈਧ' ਕਰਾਰ ਦਿੱਤਾ। ਪਾਕਿਸਤਾਨ ਦੇ ਮੀਡੀਆ ਮੁਤਾਬਕ ਏਟੀਸੀ ਜੱਜ ਅਬਰ ਗੁਲ ਖਾਨ ਨੇ ਪੀਟੀਆਈ ਮੁਖੀ ਦੀ ਪਟੀਸ਼ਨ 'ਤੇ ਫੈਸਲਾ ਸੁਰੱਖਿਅਤ ਰੱਖਦਿਆਂ ਕਿਹਾ ਕਿ ਇਕ ਵਾਰ ਦਾ ਸਰਚ ਵਾਰੰਟ ਹਮੇਸ਼ਾ ਲਈ ਨਹੀਂ ਹੁੰਦਾ।

ਸਾਬਕਾ ਪ੍ਰਧਾਨ ਮੰਤਰੀ ਨੇ ਲਾਹੌਰ ਦੀ ਅੱਤਵਾਦ ਵਿਰੋਧੀ ਅਦਾਲਤ 'ਚ ਆਪਣੀ ਜ਼ਮਾਨ ਪਾਰਕ ਸਥਿਤ ਰਿਹਾਇਸ਼ ਦੇ ਸਰਚ ਵਾਰੰਟ ਨੂੰ ਰੱਦ ਕਰਨ ਦੀ ਬੇਨਤੀ ਕੀਤੀ ਸੀ। ਮੀਡੀਆ ਰਿਪੋਰਟਾਂ ਮੁਤਾਬਕ ਇਮਰਾਨ ਖਾਨ ਨੇ ਪਟੀਸ਼ਨ 'ਚ ਰਾਜ, ਕਮਿਸ਼ਨਰ ਲਾਹੌਰ, ਡੀਆਈਜੀ ਅਪਰੇਸ਼ਨ ਲਾਹੌਰ, ਐਸਐਸਪੀ ਅਪਰੇਸ਼ਨ ਲਾਹੌਰ ਅਤੇ ਹੋਰਾਂ ਨੂੰ ਜਵਾਬਦੇਹ ਬਣਾਇਆ ਸੀ। 18 ਮਈ ਨੂੰ ਪੁਲਿਸ ਨੇ ਏਟੀਸੀ ਤੋਂ ਇਮਰਾਨ ਖਾਨ ਦੀ ਜ਼ਮਾਨ ਪਾਰਕ ਸਥਿਤ ਰਿਹਾਇਸ਼ ਲਈ ਸਰਚ ਵਾਰੰਟ ਹਾਸਲ ਕੀਤਾ ਸੀ।

ਸਾਬਕਾ ਪ੍ਰਧਾਨ ਮੰਤਰੀ ਇਮ-ਰਾਨ ਖ਼ਾਨ ਨੇ ਦਾਅਵਾ ਕੀਤਾ ਹੈ ਕਿ ਕੇਂਦਰ ਸਰਕਾਰ ਨਿਚਲੇ ਪੱਧਰ ਤੱਕ ਝੁਕ ਰਹੀ ਹੈ ਅਤੇ ਪੀਟੀਆਈ ਵਰਕਰਾਂ ਨੂੰ ਧਮਕਾਇਆ ਜਾ ਰਿਹਾ ਹੈ ਕਿ ਔਰਤਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕ ਲਿਆ ਜਾਵੇਗਾ। ਵੀਡੀਉ ਲਿੰਕ ਰਾਹੀਂ ਜਨਤਾ ਨੂੰ ਸੰਬੋਧਿਤ ਕਰਦੇ ਹੋਏ ਖਾਨ ਨੇ ਦਾਅਵਾ ਕੀਤਾ ਕਿ ਪੀਟੀਆਈ ਵਰਕਰਾਂ ਨੂੰ ਧਮਕਾਇਆ ਜਾ ਰਿਹਾ ਹੈ ਕਿ ਔਰਤਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕ ਲਿਆ ਜਾਵੇਗਾ। ਸਰਕਾਰ ਇਸ ਪੱਧਰ ਤੱਕ ਝੁਕ ਗਈ ਹੈ। ਪਾਕਿ-ਸਤਾਨ ਦੀ ਰਾਜਨੀਤੀ ਇਸ ਪੱਧਰ ਤੱਕ ਡਿੱਗਣ ਦੀ ਕੋਈ ਕਲਪਨਾ ਵੀ ਨਹੀਂ ਕਰ ਸਕਦਾ ਸੀ।

# ਬੱਕਰੀ ਚੋਰੀ ਦੇ ਸ਼ੱਕ 'ਚ ਤਿੰਨ ਬੱਚਿਆਂ ਦੀ ਬੇਰਹਿਮੀ ਨਾਲ ਕੁੱਟਮਾਰ, 1 ਦੀ ਮੌਤ

ਮੁੰਬਈ, 30 ਮਈ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਪਰਭਣੀ 'ਚ ਮੌਬ ਲਾਚਿੰਗ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਭੀੜ ਨੇ ਬੱਕਰੀਆਂ ਚੋਰੀ ਕਰਨ ਦੇ ਸ਼ੱਕ ਵਿੱਚ ਤਿੰਨ ਬੱਚਿਆਂ ਨੂੰ ਬੇਰਹਿਮੀ ਨਾਲ ਕੁੱਟਿਆ ਕਿ ਇੱਕ ਦੀ ਮੌਤ ਹੋ ਗਈ। ਇਸ ਦੇ ਨਾਲ ਹੀ ਦੋ ਬੱਚੇ ਗੰਭੀਰ ਰੂਪ ਨਾਲ ਜ਼ਖਮੀ ਹਨ। ਦਰਅਸਲ, ਮਾਮਲਾ ਮਹਾਰਾਸ਼ਟਰ ਦੀ ਪਰਭਾਨੀ ਤਹਿਸੀਲ ਦੇ ਉਖਲਾਦ ਪਿੰਡ ਦਾ ਹੈ। ਇੱਥੇ ਭੀੜ ਨੇ ਤਿੰਨ ਬੱਚਿਆਂ ਦੀ ਬੱਕਰੀਆਂ ਚੋਰੀ ਕਰਨ ਦੇ ਸ਼ੱਕ ਦੇ ਆਧਾਰ 'ਤੇ ਕੁੱਟਮਾਰ ਕੀਤੀ। ਇਨ੍ਹਾਂ ਵਿੱਚੋਂ ਇੱਕ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ।

ਘਟਨਾ ਦੀ ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚੀ ਪੁਲਸ ਨੇ ਤਿੰਨਾਂ ਬੱਚਿਆਂ ਨੂੰ ਭੀੜ ਦੇ ਚੁੰਗਲ 'ਚੋਂ ਛੁਡਵਾਇਆ ਅਤੇ ਹਸਪਤਾਲ ਪਹੁੰਚਾਇਆ। ਹਾਲਾਂਕਿ ਇੱਕ ਬੱਚੇ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ, ਜਦਕਿ ਦੋ ਦਾ ਇਲਾਜ ਚੱਲ ਰਿਹਾ ਹੈ। ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕਰਦਿਆਂ ਪੁਲੀਸ ਨੇ 9 ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਚਾਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਬਾਕੀਆਂ ਦੀ ਭਾਲ ਜਾਰੀ ਹੈ।

ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਮਹਾਰਾਸ਼ਟਰ ਵਿੱਚ ਮੌਬ ਲੰਚਿੰਗ ਦੇ ਮਾਮਲੇ ਸਾਹਮਣੇ ਆਉਂਦੇ ਰਹੇ ਹਨ। ਪਿਛਲੇ ਸਾਲ ਦਸੰਬਰ ਵਿੱਚ, ਸਾਂਗਲੀ ਜ਼ਿਲ੍ਹੇ ਵਿੱਚ ਇੱਕ ਭੀੜ ਨੇ ਬਾਲ ਚੁੱਕਣ ਦੇ ਸ਼ੱਕ ਵਿੱਚ ਚਾਰ ਸਾਧੂਆਂ ਉੱਤੇ ਹਮਲਾ ਕਰ ਦਿੱਤਾ ਸੀ। ਇਹ ਘਟਨਾ ਜਾਟ ਤਹਿਸੀਲ ਦੇ ਲਵਾਂਗਾ ਪਿੰਡ ਦੀ ਹੈ, ਜਿਸ ਦੀ ਵੀਡੀਉ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੀ। ਚਾਰੇ ਸਾਧੂ ਯੂਪੀ ਦੇ ਰਹਿਣ ਵਾਲੇ ਸਨ ਅਤੇ ਕਰਨਾਟਕ ਦੇ ਬੀਜਾਪੁਰ ਤੋਂ ਪੰਢਰਪੁਰ ਮੰਦਰ ਵੱਲ ਕਾਰ ਵਿੱਚ ਜਾ ਰਹੇ ਸਨ। ਜਿਸ ਕਾਰਨ ਰਸਤਾ ਪੁੱਛਣ 'ਤੇ ਉਸ 'ਤੇ ਹਮਲਾ ਕੀਤਾ ਗਿਆ।

# ਸਿੰਗਾਪੁਰ ਵਿਚ ਮੰਦਰ ਦੇ ਗਹਿਣੇ ਗਿਰਵੀ ਰੱਖਣ ਦੇ ਦੋਸ਼ ਵਿਚ ਪੁਜਾਰੀ ਨੂੰ ਛੇ ਸਾਲ ਦੀ ਕੈਦ



ਸਿੰਗਾਪੁਰ, 30 ਮਈ (ਪੋਸਟ ਬਿਊਰੋ): ਸਿੰਗਾਪੁਰ ਵਿੱਚ ਇੱਕ ਭਾਰਤੀ ਪੁਜਾਰੀ ਨੂੰ ਛੇ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਦਰਅਸਲ ਮੰਦਰ ਦੇ ਪੁਜਾਰੀ ਨੂੰ ਮੰਦਰ ਦੇ ਗਹਿਣਿਆਂ ਨੂੰ ਗਿਰਵੀ ਰੱਖ ਕੇ ਪੈਸੇ ਗਬਨ ਕਰਨ ਦਾ ਦੋਸ਼ੀ ਪਾਇਆ ਗਿਆ ਸੀ। ਪੁਜਾਰੀ ਨੇ ਮੰਦਰ ਦੇ ਗਹਿਣੇ ਗਿਰਵੀ ਰੱਖ ਕੇ ਕਰੀਬ 20 ਲੱਖ ਸਿੰਗਾਪੁਰ ਡਾਲਰ ਲਏ ਸਨ। ਭਾਰਤੀ ਮੂਲ ਦੇ ਪੁਜਾਰੀ ਕੰਦਾਸਾਮੀ ਸੇਨਾਪਤੀ ਨੂੰ 2013 ਵਿੱਚ ਸਿੰਗਾਪੁਰ ਦੇ ਹਿੰਦੂ ਐਂਡੋਮੈਂਟ ਬੋਰਡ ਦੇ ਅਧੀਨ ਸ਼੍ਰੀ ਮਰੀਅਮਨ ਮੰਦਿਰ ਦੇ ਪੁਜਾਰੀ ਵਜੋਂ ਨਿਯੁਕਤ ਕੀਤਾ ਗਿਆ ਸੀ। ਘੁਟਾਲੇ ਦੇ ਸਾਹਮਣੇ ਆਉਣ ਤੋਂ ਬਾਅਦ ਕੰਦਾਸਾਮੀ ਨੇ 30 ਮਾਰਚ 2020 ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ।

ਕੰਦਾਸਾਮੀ ਸੈਨਾਪਤੀ ਇੱਕ ਭਾਰਤੀ ਨਾਗਰਿਕ ਹੈ ਅਤੇ ਉਸ ਦੁਆਰਾ ਕੀਤੀ ਗਈ ਧੋਖਾਧੜੀ ਕੋਰੋਨਾ ਮਹਾਂਮਾਰੀ ਦੌਰਾਨ ਸਾਹਮਣੇ ਆਈ ਸੀ। ਦਰਅਸਲ ਕੋਰੋਨਾ ਦੌਰਾਨ ਮੰਦਰ ਕਮੇਟੀ ਨੇ ਜਾਇਦਾਦ ਦਾ ਆਡਿਟ ਕਰਨ ਦਾ ਫੈਸਲਾ ਕੀਤਾ ਸੀ। ਇਸ ਆਡਿਟ ਵਿੱਚ ਕੰਦਾਸਾਮੀ ਦੁਆਰਾ ਕੀਤੀ ਗਈ ਧੋਖਾਧੜੀ ਦਾ ਖੁਲਾਸਾ ਹੋਇਆ ਸੀ। ਸਾਲ 2014 ਵਿੱਚ, ਮੰਦਰ ਕਮੇਟੀ ਨੂੰ ਮੰਦਰ ਦੇ ਪਾਵਨ ਅਸਥਾਨ ਦੀਆਂ ਚਾਬੀਆਂ ਅਤੇ ਕੋਡ ਨੰਬਰ ਦਿੱਤਾ ਗਿਆ ਸੀ। ਇਸ ਪਾਵਨ ਅਸਥਾਨ ਵਿਚ ਮੰਦਰ ਦਾ ਖਜ਼ਾਨਾ ਰੱਖਿਆ ਗਿਆ ਹੈ। ਜਿਸ ਵਿਚ 255 ਸੋਨੇ ਦੇ ਗਹਿਣੇ ਰੱਖੇ ਗਏ ਹਨ, ਜਿਨ੍ਹਾਂ ਦੀ ਕੀਮਤ ਲਗਭਗ 1(1 ਮਿਲੀਅਨ ਸਿੰਗਾਪੁਰ ਡਾਲਰ ਹੈ।

ਮੀਡੀਆ ਰਿਪੋਰਟਾਂ ਦੇ ਅਨੁਸਾਰ, ਸੇਨਾਪਤੀ ਨੇ ਸਾਲ 2016 ਵਿੱਚ ਗਹਿਣਿਆਂ ਨੂੰ ਗਿਰਵੀ ਰੱਖਣਾ ਸ਼ੁਰੂ ਕੀਤਾ ਅਤੇ ਘੋਟਾਲੇ ਦਾ ਪਰਦਾਫਾਸ਼ ਹੋਣ ਤੱਕ 2020 ਤੱਕ ਜਾਰੀ ਰਿਹਾ। ਇਕੱਲੇ 2016 ਵਿੱਚ, ਸੇਨਾਪਤੀ ਨੇ 66 ਸੋਨੇ ਦੇ ਗਹਿਣੇ ਗਿਰਵੀ ਰੱਖੇ ਸਨ। ਸੈਨਾਪਤੀ ਨੇ ਗਿਰਵੀ ਦੇ ਪੈਸੇ ਵਿੱਚੋਂ ਕੁਝ ਪੈਸੇ ਆਪਣੇ ਬੈਂਕ ਖਾਤੇ ਵਿੱਚ ਰੱਖੇ ਅਤੇ ਕੁਝ ਪੈਸੇ ਭਾਰਤ ਵਿੱਚ ਆਪਣੇ ਘਰ ਭੇਜ ਦਿੱਤੇ। ਘੁਟਾਲੇ ਦਾ ਪਰਦਾਫਾਸ਼ ਹੋਣ ਤੋਂ ਬਾਅਦ ਮੰਦਰ ਕਮੇਟੀ ਨੇ ਪੁਜਾਰੀ ਖਿਲਾਫ ਸ਼ਿਕਾਇਤ ਦਰਜ ਕਰਵਾਈ ਸੀ। ਫਿਲਹਾਲ ਮੰਦਰ ਦੇ ਸਾਰੇ ਗਹਿਣੇ ਮੰਦਰ ਨੂੰ ਵਾਪਸ ਕਰ ਦਿੱਤੇ ਗਏ ਹਨ ਅਤੇ ਮੰਦਰ ਕਮੇਟੀ ਨੂੰ ਕੋਈ ਨੁਕਸਾਨ ਨਹੀਂ ਹੋਇਆ ਹੈ।

# ਪਹਿਲਵਾਨ ਬਿਨਾਂ ਤਮਗੇ ਜਲਪ੍ਰਵਾਹ ਕੀਤੇ ਪਰਤੇ, ਗੰਗਾ ਸਭਾ ਨੇ ਕਿਹਾ- ਇਹ ਸਿਆਸੀ ਅਖਾੜਾ ਨਹੀਂ



ਸ਼੍ਰੀ ਗੰਗਾ ਸਭਾ ਪਹਿਲਵਾਨਾਂ ਦੀ ਇਸ ਹਰਕਤ ਦਾ ਬਾਈਕਾਟ ਕਰਦੀ ਹੈ।

ਨਵੀਂ ਦਿੱਲੀ, 30 ਮਈ (ਪੋਸਟ ਬਿਊਰੋ): ਵਿਨੇਸ਼ ਫੋਗਾਟ, ਸਾਕਸ਼ੀ ਮਲਿਕ, ਬਜਰੰਗ ਪੂਨੀਆ ਅੱਜ ਮਹਿਲਾ ਖਿਡਾਰਨਾਂ ਨਾਲ ਛੇੜਛਾੜ ਦੇ ਵਿਰੋਧ ਵਿੱਚ ਗੰਗਾ ਵਿੱਚ ਤਗਮੇ ਵਹਾਉਣ ਹਰਿਦੁਆਰ ਪੁੱਜੇ। ਪਰ ਗੰਗਾ ਸਭਾ ਨੇ ਉਨ੍ਹਾਂ ਨੂੰ ਹਰਕੀ ਪੌੜੀ ਵਿਖੇ ਮੈਡਲ ਪਾਉਣ ਤੋਂ ਰੋਕ ਦਿੱਤਾ। ਸ਼੍ਰੀ ਗੰਗਾ ਸਭਾ ਦੇ ਪ੍ਰਧਾਨ ਨਿਤਿਨ ਗੌਤਮ ਨੇ ਕਿਹਾ ਹੈ ਕਿ ਹਰਕੀ ਪੈੜੀ ਸਨਾਤਨ ਦਾ ਪਵਿੱਤਰ ਤੀਰਥ ਸਥਾਨ ਹੈ। ਇਸ਼ਨਾਨ ਕਰੋ, ਪੁੰਨ ਦਾ ਕੰਮ ਕਰੋ। ਪਰ ਮੈਡਲ ਨੂੰ ਵਹਾਉਣ ਨਹੀਂ ਦਿੱਤਾ ਜਾਵੇਗਾ। ਹਰਕੀ ਪੌੜੀ ਨੂੰ ਸਿਆਸੀ ਅਖਾੜਾ ਨਹੀਂ ਬਣਨ ਦਿੱਤਾ ਜਾਵੇਗਾ।

ਨਿਤਿਨ ਗੌਤਮ ਨੇ ਇਕ ਬਿਆਨ ਜਾਰੀ ਕਰਕੇ ਪਹਿਲਵਾਨਾਂ ਦੇ ਤਗਮੇ 'ਤੇ ਇਤਰਾਜ਼ ਜਤਾਇਆ ਹੈ। ਇਸ ਦੀ ਨਿੰਦਾ ਕਰਦਿਆਂ ਕਿਹਾ ਗਿਆ ਹੈ ਕਿ ਹਰਕੀ ਪੌੜੀ ਸ਼ਰਧਾਲੂਆਂ ਦੀ ਆਸਥਾ ਅਤੇ ਅਸਥੀਆਂ ਵਹਾਉਣ ਦਾ ਖੇਤਰ ਹੈ, ਮੈਡਲ ਵਿਸਰਜਨ ਦਾ ਨਹੀਂ। ਹਰਿਦੁ-ਆਰ ਵਿੱਚ ਹਰ ਪਾਸੇ ਗੰਗਾ ਜੀ ਵਗਦੇ ਹਨ। ਪਹਿਲਵਾਨ ਹਰਕੀ ਪੌੜੀ ਛੱਡ ਕੇ ਕਿਤੇ ਹੋਰ ਆਪਣਾ ਕੰਮ ਕਰ ਸਕਦੇ ਹਨ। ਤੀਰਥ ਯਾਤਰਾ ਦੀ ਸ਼ਾਨ ਨੂੰ ਬਰਕਰਾਰ ਰੱਖਣ ਲਈ ਮੈਡਲ ਵਿਸਰਜਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਦੱਸਿਆ ਜਾਂਦਾ ਹੈ ਕਿ ਮੰਗਲਵਾਰ ਨੂੰ ਗੰਗਾ ਦੁਸਹਿਰੇ ਵਾਲੇ ਦਿਨ ਲੱਖਾਂ ਸ਼ਰਧਾਲੂ ਹਰਕੀ ਪੌੜੀ ਅਤੇ ਨੇੜਲੇ ਗੰਗਾ ਘਾਟਾਂ 'ਤੇ ਇਸ਼ਨਾਨ ਕਰਨ ਲਈ ਪਹੁੰਚੇ ਹਨ। ਸ਼ਾਮ ਦੀ ਆਰਤੀ ਵੇਲੇ ਹਰਕੀ ਪੌੜੀ ਵਿਖੇ ਬਹੁਤ ਸਾਰੇ ਸ਼ਰਧਾਲੂ ਹੁੰਦੇ ਹਨ। ਅਜਿਹੇ 'ਚ ਪਹਿਲਵਾਨਾਂ 'ਚ ਮਚੀ ਭਗਦੜ ਕਾਰਨ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਚੇਅਰਮੈਨ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਨੂੰ ਸ਼ਰਧਾਲੂਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਪਹਿਲਵਾਨਾਂ ਨੂੰ ਰੋਕਣਾ ਚਾਹੀਦਾ ਹੈ।

# ਫ਼ਰੀਦਕੋਟ ਦੇ ਸਰਕਾਰੀ ਬਰਜਿੰਦਰਾ ਕਾਲਜ ਵਿਖੇ ਬੀ.ਐੱਸ.ਸੀ. (ਖੇਤੀਬਾੜੀ) ਕੋਰਸ ਮੁੜ ਹੋਵੇਗਾ ਸ਼ੁਰੂ, ਇਸੇ ਸੈਸ਼ਨ ਤੋਂ ਹੋਣਗੇ ਦਾਖ਼ਲੇ

## ਸਬੰਧਤ ਵਿਭਾਗਾਂ ਨੂੰ ਭਾਰਤੀ ਖੇਤੀਬਾੜੀ ਖੋਜ ਕੌਂਸਲ ਦੀਆਂ ਸ਼ਰਤਾਂ ਪੂਰੀਆਂ ਕਰਨ ਲਈ ਤੁਰੰਤ ਚਾਰਾਜੋਈ ਕਰਨ ਦੇ ਨਿਰਦੇਸ਼



ਚੰਡੀਗੜ੍ਹ, 30 ਮਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਫ਼ਰੀਦਕੋਟ ਦੇ ਸਰਕਾਰੀ ਬਰਜਿੰਦਰਾ ਕਾਲਜ ਵਿਖੇ ਬੀ.ਐੱਸ.ਸੀ. (ਖੇਤੀਬਾੜੀ) ਕੋਰਸ ਮੁੜ ਸ਼ੁਰੂ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਹੈ। ਮਾਲਵਾ ਖਿੱਤੇ ਦੇ ਇਸ ਅਹਿਮ ਕਾਲਜ ਵਿੱਚ ਪਿਛਲੇ ਕਰੀਬ ਚਾਰ ਵਰ੍ਹਿਆਂ ਤੋਂ ਇਹ ਮਸਲਾ ਲਟਕ ਰਿਹਾ ਸੀ।

ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਇਸ ਮਾਮਲੇ ਨੂੰ ਲੈ ਕੇ ਕਾਲਜ ਪ੍ਰਸ਼ਾਸਨ ਸਣੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮਾਲਵੇ ਖੇਤਰ ਦੀ ਅਹਿਮ ਵਿੱਦਿਅਕ ਸੰਸਥਾ ਸਰਕਾਰੀ ਬਰਜਿੰਦਰਾ ਕਾਲਜ ਫ਼ਰੀਦਕੋਟ ਵਿੱਚ ਖੇਤੀਬਾੜੀ ਕੋਰਸ 'ਚ ਦਾਖ਼ਲੇ ਲਈ ਚਾਰ ਤੋਂ ਪੰਜ ਗੁਣਾਂ ਜ਼ਿਆਦਾ ਬੱਚਿਆਂ ਵੱਲੋਂ ਫ਼ਾਰਮ ਭਰੇ ਜਾਂਦੇ ਰਹੇ ਹਨ। ਉਨ੍ਹਾਂ ਕਿਹਾ ਕਿ ਖੇਤੀ ਪ੍ਰਧਾਨ ਸੂਬੇ ਵਿੱਚ ਜੇ ਅਜਿਹੇ ਸਮੇਂ ਦੇ ਨਾਲ ਪਰਖੇ ਅਤੇਨਾਮੀ ਕਾਲਜ ਵਿੱਚ ਖੇਤੀਬਾੜੀ ਕੋਰਸ ਬੰਦ ਹੋ ਜਾਂਦਾ ਹੈ ਤਾਂ ਇਹ ਬਹੁਤ ਮੰਦਭਾਗੀ ਗੱਲ ਹੋਵੇਗੀ।

ਬਰਜਿੰਦਰਾ ਕਾਲਜ ਦੀ ਪ੍ਰਿੰਸੀਪਲ ਹਰਤੇਜ ਕੌਰ ਅਤੇ ਪ੍ਰੋਫੈਸਰ ਡਾ. ਨਰਿੰਦਰਜੀਤ ਸਿੰਘ ਬਰਾੜ ਨੇ ਦੱਸਿਆ ਕਿ ਪੰਜਾਬ ਰਾਜ ਖੇਤੀਬਾੜੀ ਖੋਜ ਕੌਂਸਲ ਵੱਲੋਂ ਸਾਲ 2019 ਵਿੱਚ ਭਾਰਤੀ ਖੇਤੀਬਾੜੀ ਖੋਜ ਕੌਂਸਲ ਦੀਆਂ ਸ਼ਰਤਾਂ ਦਾ ਹਵਾਲਾ ਦੇ ਕੇ ਕਾਲਜ ਪ੍ਰਸ਼ਾਸਨ ਨੂੰ ਇਹ ਚਾਰ ਸਾਲਾ ਖੇਤੀਬਾੜੀ ਕੋਰਸ ਬੰਦ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਾਲ 2019 ਦੌਰਾਨ ਵਿਦਿਆਰਥੀਆਂ ਦੇ ਆਖ਼ਰੀ ਬੈਚ ਨੇ ਦਾਖ਼ਲਾ ਲਿਆ ਸੀ ਅਤੇ ਇਸ ਵਰ੍ਹੇ ਉਸ ਬੈਚ ਦਾ ਆਖ਼ਰੀ ਸਾਲ ਹੈ ਅਤੇ ਜੇਕਰ ਭਵਿੱਖ ਵਿੱਚ ਖੇਤੀਬਾੜੀ ਕੋਰਸ ਵਿੱਚ ਦਾਖ਼ਲੇ ਨਹੀਂ ਹੁੰਦੇ ਤਾਂ ਇਹ ਇਲਾਕੇ ਦੇ ਚਾਹਵਾਨ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਹੋਵੇਗਾ।

ਕੁਲਤਾਰ ਸਿੰਘ ਸੰਧਵਾਂ ਨੇ ਉਚੇਰੀ ਸਿੱਖਿਆ ਵਿਭਾਗ ਦੀ ਪ੍ਰਮੁੱਖ ਸਕੱਤਰ ਸ੍ਰੀਮਤੀ ਜਸਪ੍ਰੀਤ ਤਲਵਾੜ ਅਤੇ ਖੇਤੀਬਾੜੀ ਵਿਭਾਗ ਦੇ ਸਕੱਤਰ ਸ. ਅਰਸ਼ਦੀਪ ਸਿੰਘ ਥਿੰਦ ਨੂੰ ਹਦਾਇਤ ਕੀਤੀ ਕਿ ਭਾਰਤੀ ਖੇਤੀਬਾੜੀ ਖੋਜ ਕੌਂਸਲ ਦੀਆਂ ਸ਼ਰਤਾਂ ਪੂਰੀਆਂ ਕਰਨ ਲਈ ਚਾਰਾਜੋਈ ਕਰਨ ਤਾਂ ਜੋ ਇਸੇ ਸੈਸ਼ਨ ਤੋਂ ਕਾਲਜ ਵਿੱਚ ਖੇਤੀਬਾੜੀ ਕੋਰਸ ਦੇ ਦਾਖ਼ਲੇ ਸ਼ੁਰੂ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਸ਼ਰਤਾਂ ਪੂਰੀਆਂ ਕਰਨ ਲਈ ਸਾਬਕਾ ਪ੍ਰੋਫੈਸਰਾਂ ਅਤੇ ਖੇਤੀਬਾੜੀ ਵਿਕਾਸ ਅਫ਼ਸਰਾਂ ਦੀਆਂ ਸੇਵਾਵਾਂ ਲਈਆਂ ਜਾ ਸਕਦੀਆਂ ਹਨ।

ਵਿਧਾਨ ਸਭਾ ਸਪੀਕਰ ਨੇ ਭਾਰਤੀ ਖੇਤੀਬਾੜੀ ਖੋਜ ਕੌਂਸਲ ਦੀਆਂ ਸ਼ਰਤਾਂ ਮੁਤਾਬਕ ਕਾਲਜ ਲਈ ਲੋੜੀਂਦੀ ਜ਼ਮੀਨ ਮੁਹੱਈਆ ਕਰਾਉਣ ਵਾਸਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਨੂੰ ਕਿਹਾ ਕਿ ਉਹ ਫ਼ਰੀਦਕੋਟ ਸਥਿਤ ਕ੍ਰਿਸ਼ੀ ਵਿਗਿਆਨ ਕੇਂਦਰ ਦੀ 65 ਏਕੜ ਜ਼ਮੀਨ ਨੂੰ ਸਰਕਾਰੀ ਬਰਜਿੰਦਰਾ ਕਾਲਜ ਨੂੰ ਵਰਤੋਂ ਲਈ ਦੇਣ ਜਿਸ 'ਤੇ ਵਾਈਸ ਚਾਂਸਲਰ ਨੇ ਸਹਿਮਤੀ ਦੇ ਦਿੱਤੀ।

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. ਅਰਵਿੰਦ ਨੇ ਇਸ ਮੁੱਦੇ ਬਾਰੇ ਕਿਹਾ ਕਿ ਖੇਤੀਬਾੜੀ ਜ਼ਰੀਏ ਦੇਸ਼ ਦਾ ਢਿੱਡ ਭਰਨ ਵਾਲੇ ਸੂਬੇ ਦੇ ਸਰਕਾਰੀ ਕਾਲਜਾਂ ਵਿੱਚ ਖੇਤੀ ਆਧਾਰਤ ਕੋਰਸ ਬੰਦ ਹੋਣੇ ਗ਼ਲਤ ਪਿਰਤ ਹੈ।

ਮੀਟਿੰਗ ਦੌਰਾਨ ਚੇਅਰਮੈਨ ਯੋਜਨਾ ਬੋਰਡ ਫ਼ਰੀਦਕੋਟ ਸੁਖਜੀਤ ਸਿੰਘ, ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਅਮੋਲਕ ਸਿੰਘ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਅਤੇ ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਮਨਪ੍ਰੀਤ ਸਿੰਘ ਮਣੀ ਧਾਲੀਵਾਲ, ਮਾਸਟਰ ਹਰਦੀਪ ਸਿੰਘ, ਦੀਪਕ ਮੌਂਗਾ, ਬਰਜਿੰਦਰਾ ਕਾਲਜ ਤੋਂ ਪ੍ਰੋਫੈਸਰ ਇਕਬਾਲ ਸਿੰਘ ਸਣੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਕੇਂਦਰ ਸਰਕਾਰ ਵਲੋਂ 40 ਮੈਡੀਕਲ ਕਾਲਜਾਂ ਦੀ ਮਾਨਤਾ, ਕੁੱਲ 150 ਕਾਲਜ ਹਨ ਰਡਾਰ 'ਤੇ

ਨਵੀਂ ਦਿੱਲੀ, 30 ਮਈ (ਪੋਸਟ ਬਿਊਰੋ): ਕੇਂਦਰ ਸਰਕਾਰ ਨੇ ਦੇਸ਼ ਦੇ 40 ਮੈਡੀਕਲ ਕਾਲਜਾਂ ਦੀ ਮਾਨਤਾ ਰੱਦ ਕਰ ਦਿੱਤੀ ਹੈ। ਜਦਕਿ 150 ਦੇ ਕਰੀਬ ਅਜਿਹੇ ਮੈਡੀਕਲ ਕਾਲਜ ਅਜੇ ਵੀ ਰਾਡਾਰ 'ਤੇ ਹਨ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਮੈਡੀਕਲ ਕਾਲਜਾਂ ਵਿੱਚ ਜਾਂਚ ਦੌਰਾਨ ਕਈ ਤਰ੍ਹਾਂ ਦੀਆਂ ਕਮੀਆਂ ਪਾਈਆਂ ਗਈਆਂ ਸਨ, ਜਿਨ੍ਹਾਂ ਦੀ ਮਾਨਤਾ ਰੱਦ ਕਰ ਦਿੱਤੀ ਗਈ ਹੈ। ਨੈਸ਼ਨਲ ਮੈਡੀਕਲ ਕਮਿਸ਼ਨ ਦੇ ਯੂਜੀ ਬੋਰਡ ਨੇ ਜਾਂਚ ਦੌਰਾਨ ਇਨ੍ਹਾਂ ਮੈਡੀਕਲ ਕਾਲਜਾਂ ਵਿੱਚ ਕਮੀਆਂ ਪਾਈਆਂ ਸਨ। ਇਸ ਤੋਂ ਬਾਅਦ ਹੀ ਉਨ੍ਹਾਂ ਦੀ ਮਾਨਤਾ ਰੱਦ ਕਰਨ ਦਾ ਫੈਸਲਾ ਲਿਆ ਗਿਆ ਹੈ।

ਹੁਣ ਤੱਕ ਜਿਨ੍ਹਾਂ 40 ਮੈਡੀਕਲ ਕਾਲਜਾਂ ਦੀ ਮਾਨਤਾ ਰੱਦ ਕੀਤੀ ਗਈ ਹੈ, ਉਹ ਗੁਜਰਾਤ, ਅਸਾਮ, ਪੁਡੂਚੇਰੀ, ਤਾਮਿਲਨਾਡੂ, ਪੰਜਾਬ, ਆਂਧਰਾ ਪ੍ਰਦੇਸ਼, ਤ੍ਰਿਪੁਰਾ ਅਤੇ ਪੱਛਮੀ ਬੰਗਾਲ ਦੇ ਹਨ। ਫਿਲਹਾਲ ਹੋਰ ਮੈਡੀਕਲ ਕਾਲਜਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ, ਜੇਕਰ ਇਹ ਕਾਲਜ ਵੀ ਜਾਂਚ ਦੌਰਾਨ ਮਿਆਰ 'ਤੇ ਖਰੇ ਨਹੀਂ ਉਤਰੇ ਤਾਂ ਉਨ੍ਹਾਂ ਦੀ ਮਾਨਤਾ ਵੀ ਰੱਦ ਹੋ ਸਕਦੀ ਹੈ।

ਨੈਸ਼ਨਲ ਮੈਡੀਕਲ ਕਮਿਸ਼ਨ ਨੇ ਇਹ ਕਦਮ ਇਨ੍ਹਾਂ ਕਾਲਜਾਂ ਵਿੱਚ ਕੈਮਰੇ, ਬਾਇਓਮੀਟ੍ਰਿਕ ਹਾਜ਼ਰੀ, ਫੈਕਲਟੀ ਆਦਿ ਵਰਗੀਆਂ ਮਹੱਤਵਪੂਰਨ ਚੀਜ਼ਾਂ ਦੀ ਘਾਟ ਪਾਏ ਜਾਣ ਤੋਂ ਬਾਅਦ ਚੁੱਕਿਆ ਹੈ। ਦੱਸ ਦੇਈਏ ਕਿ ਇਨ੍ਹਾਂ ਕਾਲਜਾਂ ਵਿੱਚ ਪਿਛਲੇ ਮਹੀਨੇ ਦੌਰਾਨ ਕੀਤੀ ਗਈ ਜਾਂਚ ਦੌਰਾਨ ਇਹ ਕਮੀਆਂ ਪਾਈਆਂ ਗਈਆਂ ਹਨ। ਹਾਲਾਂਕਿ, ਜਿਨ੍ਹਾਂ ਕਾਲਜਾਂ ਦੀ ਮਾਨਤਾ ਹੁਣ ਤੱਕ ਰੱਦ ਕੀਤੀ ਗਈ ਹੈ, ਉਨ੍ਹਾਂ ਕੋਲ ਅਪੀਲ ਕਰਨ ਦਾ ਵਿਕਲਪ ਹੈ।

# ਤਲਾਅ 'ਚ ਤੈਰਾਕੀ ਕਰਨ ਗਏ ਲੈਕਚਰਾਰ ਅਤੇ ਸਕੂਲੀ ਵਿਦਿਆਰਥੀ ਡੁੱਬੇ, ਦੋਵਾਂ ਦੀ ਮੌਤ



ਬੰਗਲੌਰ, 30 ਮਈ (ਪੋਸਟ ਬਿਊਰੋ): ਉਡੂਪੀ ਜ਼ਿਲੇ ਦੇ ਕੰਦਾਵਰ ਡੰਪਿੰਗ ਯਾਰਡ ਨੇੜੇ ਇਕ ਤਲਾਵ ਵਿਚ ਤੈਰਾਕੀ ਲਈ ਗਏ ਇਕ ਪ੍ਰਾਈਵੇਟ ਕਾਲਜ ਦੇ ਲੈਕਚਰਾਰ ਅਤੇ ਇਕ ਕਿਸ਼ੋਰ ਸਕੂਲ ਦੇ ਵਿਦਿਆਰਥੀ ਦੀ ਸੋਮਵਾਰ ਸ਼ਾਮ ਨੂੰ ਡੂੰਘੇ ਪਾਣੀ ਵਿਚ ਡੁੱਬਣ ਕਾਰਨ ਮੌਤ ਹੋ ਗਈ। ਪੁਲਿਸ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ।

ਮ੍ਰਿਤਕਾਂ ਦੀ ਪਛਾਣ ਕੁੰਦਾਪੁਰ ਤਾਲੁਕ ਦੇ ਸ਼ੰਕਰਨਾਰਾਇਣ, ਮਦਰ ਟੈਰੇਸਾ ਕਾਲਜ ਦੇ ਲੈਕਚਰਾਰ ਰਾਜੇਂਦਰ ਸ਼ੈਟੀਗਰ (28) ਅਤੇ ਸ਼ੰਕਰਨਾਰਾਇਣਨ ਹਾਈ ਸਕੂਲ ਦੇ ਵਿਦਿਆਰਥੀ ਭਰਤ ਸ਼ੈਟੀਗਰ (15) ਵਜੋਂ ਹੋਈ ਹੈ। ਪੁਲਿਸ ਸੂਤਰਾਂ ਨੇ ਦੱਸਿਆ ਕਿ ਮ੍ਰਿਤਕਾਂ ਬਾਰੇ ਹੋਰ ਵੇਰਵੇ ਉਪਲਬਧ ਨਹੀਂ ਹਨ, ਪਰ ਦੋ ਪੀੜਤਾਂ ਦੇ ਸਬੰਧ ਹੋਣ ਦੀ ਸੰਭਾਵਨਾ ਨਹੀਂ ਹੈ। ਸੂਤਰਾਂ ਨੇ ਦੱਸਿਆ ਕਿ ਸਥਾਨਕ ਤੌਰ 'ਤੇ ਮਦਾਗਾ ਵਜੋਂ ਜਾਣਿਆ ਜਾਂਦਾ ਜਲਘਰ ਬਹੁਤ ਡੂੰਘਾ ਸੀ ਅਤੇ ਦੋਵੇਂ ਉਥੇ ਮੌਜੂਦ ਚਾਰ ਹੋਰ ਲੋਕਾਂ ਨਾਲ ਤੈਰਾਕੀ ਲਈ ਨਿਕਲੇ ਸਨ। ਪਰ ਜਦੋਂ ਰਾਜਿੰਦਰ ਨੇ ਦੇਖਿਆ ਕਿ ਭਰਤ ਡੁੱਬ ਰਿਹਾ ਹੈ ਤਾਂ ਉਹ ਮਦਦ ਲਈ ਭੱਜਿਆ ਅਤੇ ਸਮੇਂ ਦੇ ਨਾਲ ਉਹ ਦੋਵੇਂ ਡੁੱਬ ਗਏ। ਉਨ੍ਹਾਂ ਦੱਸਿਆ ਕਿ ਅੱਗ ਬੁਝਾਊ ਅਤੇ ਬਚਾਅ ਸੇਵਾ ਦੇ ਕਰਮਚਾਰੀਆਂ ਨੇ ਬਾਅਦ ਵਿੱਚ ਲਾਸ਼ਾਂ ਨੂੰ ਬਾਹਰ ਕੱਢਿਆ। ਕੰਡਲੂਰ ਥਾਣੇ ਵਿੱਚ ਕੇਸ ਦਰਜ ਕੀਤਾ ਗਿਆ ਹੈ।

# ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਦੀਆਂ ਬੈਠਕਾਂ ਦੇ ਬੁਲੇਟਿਨ ਸਬੰਧੀ ਕਿਤਾਬ ਜਾਰੀ

## ਕਿਤਾਬ ਵਿੱਚ ਸਾਲ 1960 ਤੋਂ 2021 ਦੇ ਸਾਰੇ ਬੁਲੇਟਿਨ ਨੂੰ ਇੱਕ ਥਾਂ ਇਕੱਤਰ ਕੀਤਾ ਗਿਆ



ਚੰਡੀਗੜ੍ਹ, 30 ਮਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਵਿਧਾਨ ਸਭਾ ਦੀਆਂ ਕਾਰਵਾਈਆਂ ਸਬੰਧੀ ਕਿਤਾਬ "ਪੰਜਾਬ ਵਿਧਾਨ ਸਭਾ ਦੀਆਂ ਬੈਠਕਾਂ ਦੇ ਬੁਲੇਟਿਨ (1960-2021)" ਆਪਣੇ ਦਫ਼ਤਰ ਵਿਖੇ ਜਾਰੀ ਕੀਤੀ। ਕੁਲਤਾਰ ਸਿੰਘ ਸੰਧਵਾਂ ਨਾਲ ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਅਤੇ ਸਕੱਤਰ ਸੁਰਿੰਦਰ ਪਾਲ ਮੌਜੂਦ ਸਨ।

ਪੰਜਾਬ ਵਿਧਾਨ ਸਭਾ ਸਕੱਤਰੇਤ ਵੱਲੋਂ ਤਿੰਨ ਭਾਗਾਂ ਵਿੱਚ ਪ੍ਰਕਾਸ਼ਿਤ ਕਰਵਾਈ ਗਈ ਇਸ ਕਿਤਾਬ ਨੂੰ ਇਤਿਹਾਸਿਕ ਦਸਤਾਵੇਜ਼ ਕਰਾਰ ਦਿੰਦਿਆਂ ਸਪੀਕਰ ਸ. ਸੰਧਵਾਂ ਨੇ ਕਿਤਾਬ ਛਪਵਾਉਣ ਵਾਲੀ ਰਿਪੋਰਟਰ ਸ਼ਾਖਾ ਨੂੰ ਇਸ ਕਾਰਜ ਲਈ ਵਧਾਈ ਦਿੱਤੀ।

ਸਪੀਕਰ ਨੇ ਦੱਸਿਆ ਕਿ ਇਹ ਕਿਤਾਬ ਦੇਸ਼ ਦੀਆਂ ਸਮੂਹ ਰਾਜ ਵਿਧਾਨ ਸਭਾਵਾਂ ਅਤੇ ਪਾਰਲੀਮੈਂਟ ਦੇ ਇਤਿਹਾਸ ਵਿੱਚ ਅਜਿਹੀ ਪਹਿਲੀ ਕਿਤਾਬ ਹੈ ਜਿਸ ਵਿੱਚੋਂ ਸਾਲ 1960 ਤੋਂ ਲੈ ਕੇ ਹੁਣ ਤੱਕ ਦੀ ਕੋਈ ਵੀ ਸੂਚਨਾ ਸਾਰ-ਅੰਸ਼ ਦੇ ਰੂਪ ਵਿੱਚ ਸਹਿਜੇ ਹੀ ਪ੍ਰਾਪਤ ਕੀਤੀ ਜਾ ਸਕੇਗੀ।

ਉਨ੍ਹਾਂ ਦੱਸਿਆ ਕਿ ਇਸ ਕਿਤਾਬ ਵਿੱਚ ਸਾਲ 1960 ਤੋਂ 2021 ਦੇ ਸਾਰੇ ਬੁਲੇਟਿਨ ਨੂੰ ਇੱਕ ਥਾਂ ਇਕੱਤਰ ਕੀਤਾ ਗਿਆ ਹੈ ਅਤੇ ਪਾਠਕਾਂ ਦੀ ਜਾਣਕਾਰੀ ਲਈ ਪੰਜਾਬ ਦੇ ਹੁਣ ਤੱਕ ਦੇ ਰਾਜਪਾਲਾਂ, ਮੁੱਖ ਮੰਤਰੀਆਂ, ਸਪੀਕਰਾਂ, ਡਿਪਟੀ ਸਪੀਕਰਾਂ, ਵਿਧਾਨ ਸਭਾ ਸਕੱਤਰਾਂ ਦੇ ਨਾਂ ਤੇ ਉਨ੍ਹਾਂ ਦੇ ਕਾਰਜਕਾਲ ਦਾ ਸਮਾਂ, ਵਿਧਾਨ ਸਭਾ ਦੀ ਪਹਿਲੀ ਅਸੈਂਬਲੀ ਤੋਂ ਲੈ ਕੇ 16ਵੀਂ ਅਸੈਂਬਲੀ ਤੱਕ ਦੇ ਸਾਰੇ ਕਾਰਜਕਾਲ ਅਤੇ ਸਮੇਂ-ਸਮੇਂ 'ਤੇ ਰਹੇ ਰਾਸ਼ਟਰਪਤੀ ਰਾਜ ਦਾ ਸਮਾਂ ਵੀ ਦਰਸ-ਾਇਆ ਗਿਆ ਹੈ।

ਦੱਸ ਦੇਈਏ ਕਿ ਵਿਧਾਨ ਸਭਾ ਵੱਲੋਂ ਇਸ ਤੋਂ ਪਹਿਲਾਂ ਤਿੰਨ ਕਿਤਾਬਾਂ "ਚੇਅਰ ਵੱਲੋਂ ਲਏ ਫ਼ੈਸਲੇ", "ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਮਤੇ" ਅਤੇ "ਪੰਜਾਬ ਵਿਧਾਨ ਸਭਾ ਦੇ ਮੈਂਬਰ ਸਾਹਿਬਾਨ ਦੇ ਵੇਰਵਿਆਂ ਦਾ ਸੰਗ੍ਰਹਿ" ਪ੍ਰਕਾਸ਼ਿਤ ਕੀਤੀਆਂ ਜਾ ਚੁੱਕੀਆਂ ਹਨ।



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results


RE/MAX REALTY SPECIALISTS INC.
Ph:905-456-3232

JAG AUJLA 416-371-7777
MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist


New Patients welcome
Deal Directly with all Insurance Companies

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








# Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ




Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017